SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 240 | Thursday, December 15, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਡਾਊਨਟਾਊਨ ਟੋਰਾਂਟੋ ਦੇ ਘਰ ਵਿੱਚ ਲੱਗੀ ਜ਼ਬਰਦਸਤ ਅੱਗ



ਟੋਰਾਂਟੋ, 14 ਦਸੰਬਰ (ਪੋਸਟ ਬਿਊਰੋ): ਡਾਊਨਟਾਊਨ ਟੋਰਾਂਟੋ ਵਿੱਚ ਤੜਕਸਾਰ ਇੱਕ ਘਰ ਨੂੰ ਲੱਗੀ ਅੱਗ ਨਾਲ ਫਾਇਰ ਅਮਲਾ ਜੂਝ ਰਿਹਾ ਹੈ।

ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸਵੇਰੇ 5:30 ਵਜੇ ਦੇ ਨੇੜੇ ਤੇੜੇ ਗ੍ਰੈਂਗ ਐਵਨਿਊ ਤੇ ਬੈਵਰਲੀ ਸਟਰੀਟ ਇਲਾਕੇ ਵਿੱਚ ਸਥਿਤ ਇੱਕ ਘਰ ਵਿੱਚ ਜ਼ਬਰਦਸਤ ਅੱਗ ਲੱਗ ਗਈ। ਇਸ ਘਰ ਦੇ ਨੇੜੇ ਸਥਿਤ ਘਰਾਂ ਵਿੱਚੋਂ ਅਜੇ ਵੀ ਲੋਕਾਂ ਨੂੰ ਬਾਹਰ ਕੱਢਿਆ ਜਾ ਰਿਹਾ ਹੈ। ਇਨ੍ਹਾਂ ਲੋਕਾਂ ਨੂੰ ਨਿੱਘਾ ਰੱਖਣ ਲਈ ਸ਼ੈਲਟਰ ਬੱਸਾਂ ਦੀ ਮਦਦ ਲਈ ਜਾ ਰਹੀ ਹੈ।

ਮੌਕੇ ਤੋਂ ਹਾਸਲ ਹੋਈਆਂ ਤਸਵੀਰਾਂ ਤੋਂ ਇਸ ਘਰ ਵਿੱਚੋਂ ਅੱਗ ਦੀਆਂ ਲਪਟਾਂ ਤੇ ਧੂੰਏ ਦੇ ਸੰਘਣੇ ਬੱਦਲ ਨਿਕਲਦੇ ਵੇਖੇ ਜਾ ਸਕਦੇ ਹਨ। ਅਜੇ ਤੱਕ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਗੁਆਂਢੀਆਂ ਨੇ ਦੱਸਿਆ ਕਿ ਕੁੱਝ ਸਮੇਂ ਤੋਂ ਇਹ ਘਰ ਖਾਲੀ ਪਿਆ ਸੀ ਤੇ ਸਾਰਾ ਸਾਲ ਇੱਥੇ ਕਿਸੇ ਨੂੰ ਆਉਂਦਿਆਂ ਜਾਂਦਿਆਂ ਨਹੀਂ ਵੇਖਿਆ ਗਿਆ।

# ਪ੍ਰੋਵਿੰਸ ਵੱਲੋਂ ਹੈਲਥ ਸਿਸਟਮ ਵਿੱਚ ਸੁਧਾਰ ਬਿਨਾਂ ਹੋਰ ਫੰਡ ਜਾਰੀ ਨਹੀਂ ਕਰੇਗੀ ਫੈਡਰਲ ਸਰਕਾਰ : ਟਰੂਡੋ



ਓਟਵਾ, 14 ਦਸੰਬਰ (ਪੋਸਟ ਬਿਊਰੋ) : ਕੈਨੇਡਾ ਵਿੱਚ ਹੈਲਥ ਕੇਅਰ ਦੇ ਭਵਿੱਖ ਨੂੰ ਲੈ ਕੇ ਫੈਡਰਲ ਤੇ ਪ੍ਰੋਵਿੰਸ਼ੀਅਲ ਸਰਕਾਰਾਂ ਦਰਮਿਆਨ ਚੱਲ ਰਹੀ ਗੱਲਬਾਤ ਵਿੱਚ ਖੜੋਤ ਪੈਦਾ ਹੋ ਗਈ ਹੈ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀ ਆਪਣੀਆਂ ਤਾਜ਼ਾ ਟਿੱਪਣੀਆਂ ਤੋਂ ਇਹ ਸੰਕੇਤ ਦੇ ਦਿੱਤਾ ਹੈ ਕਿ ਉਹ ਇਸ ਵਾਰੀ ਨਹੀਂ ਝੁਕਣਗੇ।

ਸੋਮਵਾਰ ਨੂੰ ਇੱਕ ਇੰਟਰਵਿਊ ਵਿੱਚ ਟਰੂਡੋ ਨੇ ਆਖਿਆ ਕਿ ਇਸ ਵਾਰੀ ਉਹ ਹੈਲਥ ਕੇਅਰ ਸੁਧਾਰਾਂ ਨੂੰ ਲੀਹ ਤੋਂ ਨਹੀਂ ਉਤਰਨ ਦੇਣਗੇ। ਦੂਜੇ ਪਾਸੇ ਪ੍ਰੋਵਿੰਸ਼ੀਅਲ ਪ੍ਰੀਮੀਅਰਜ਼ ਵੱਲੋਂ ਆਪਣੇ ਬਿਮਾਰ ਪਏ ਹੈਲਥ ਸਿਸਟਮਜ਼ ਵਿੱਚ ਸੁਧਾਰ ਕਰਨ ਲਈ ਫੈਡਰਲ ਸਰਕਾਰ ਤੋਂ ਹੋਰ ਫੰਡਾਂ ਦੀ ਮੰਗ ਕੀਤੀ ਜਾ ਰਹੀ ਹੈ। ਟਰੂਡੋ ਨੇ ਆਖਿਆ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਇਹ ਵੱਡੀ ਸਮੱਸਿਆ ਹੈ ਪਰ ਹਰ ਵਾਰੀ ਫੈਡਰਲ ਸਰਕਾਰ ਫੰਡ ਜਾਰੀ ਕਰਕੇ ਇਸ ਸਮੱਸਿਆ ਨੂੰ ਹੱਲ ਹੁੰਦਾ ਵੇਖਣ ਲਈ ਹੱਥ ਉੱਤੇ ਹੱਥ ਧਰ ਕੇ ਇੰਤਜ਼ਾਰ ਨਹੀਂ ਕਰ ਸਕਦੀ। ਉਹ ਵੀ ਉਦੋਂ ਜਦੋਂ ਸਮੱਸਿਆ ਫਿਰ ਵੀ ਠੀਕ ਨਹੀਂ ਹੁੰਦੀ। ਪਰ ਹੁਣ ਸਮਾਂ ਆ ਗਿਆ ਹੈ ਜਦੋਂ ਸਿਸਟਮ ਵਿੱਚ ਸੁਧਾਰ ਕਰਨਾ ਹੋਵੇਗਾ।

... ਬਾਕੀ ਸਫਾ 2 'ਤੇ


## ਕਰਨਾਟਕ-ਮਹਾਰਾਸ਼ਟਰ ਸਰਹੱਦੀ ਵਿਵਾਦ: ਅਮਿਤ ਸ਼ਾਹ ਨੇ ਦੋਵਾਂ ਰਾਜਾਂ ਦੇ ਮੁੱਖ ਮੰਤਰੀਆਂ ਨੂੰ ਕਿਹਾ ਸੁਪਰੀਮ ਕੋਰਟ ਦੇ ਫੈਸਲੇ ਦਾ ਇੰਤਜ਼ਾਰ ਕਰੋ



ਨਵੀਂ ਦਿੱਲੀ, 14 ਦਸੰਬਰ (ਪੋਸਟ ਬਿਊਰੋ)- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਹਾਰਾਸ਼ਟਰ ਅਤੇ ਕਰਨਾਟਕ ਵਿਚਾਲੇ ਸਰਹੱਦੀ ਵਿਵਾਦ ਨੂੰ ਲੈ ਕੇ ਦੋਵਾਂ ਸੂਬਿਆਂ ਦੇ ਮੁੱਖ ਮੰਤਰੀਆਂ ਨਾਲ ਗੱਲਬਾਤ ਕੀਤੀ। ਇਸ ਮੁਲਾਕਾਤ ਤੋਂ ਬਾਅਦ ਅਮਿਤ ਸ਼ਾਹ ਨੇ ਕਿਹਾ, ''ਸੀਮਾ ਮੁੱਦੇ 'ਤੇ ਦੋਵਾਂ ਮੁੱਖ ਮੰਤਰੀਆਂ ਨਾਲ ਗੱਲਬਾਤ ਹੋਈ, ਗੱਲਬਾਤ ਚੰਗੇ ਮਾਹੌਲ 'ਚ ਹੋਈ।' ਇਸ ਗੱਲ 'ਤੇ ਸਹਿਮਤੀ ਬਣੀ ਕਿ ਜਦੋਂ ਤੱਕ ਸੁਪਰੀਮ ਕੋਰਟ ਦਾ ਫੈਸਲਾ ਨਹੀਂ ਆਉਂਦਾ, ਕੋਈ ਵੀ ਸੂਬਾ ਸਰਕਾਰ ਦਾਅਵਾ ਨਹੀਂ ਕਰੇਗੀ।

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬੁੱਧਵਾਰ ਨੂੰ ਕਰਨਾਟਕ ਦੇ ਮੁੱਖ ਮੰਤਰੀ ਬਸਵਰਾਜ ਬੋਮਈ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨਾਲ ਦੋਵਾਂ ਰਾਜਾਂ ਵਿਚਾਲੇ ਸਰਹੱਦੀ ਵਿਵਾਦ 'ਤੇ ਚਰਚਾ ਕਰਨ ਲਈ ਮੀਟਿੰਗ ਕੀਤੀ। ਅਮਿਤ ਸਾਹ ਨੇ ਕਿਹਾ, ''ਵਿਵਾਦ ਨੂੰ ਗੱਲਬਾਤ ਰਾਹੀਂ ਸੁਲਝਾਉਣਾ ਚਾਹੀਦਾ ਹੈ। ਦੋਵਾਂ ਰਾਜਾਂ ਦੇ ਤਿੰਨ-ਤਿੰਨ ਮੰਤਰੀਆਂ ਦੀ ਕਮੇਟੀ ਬਣਾਈ ਜਾਵੇਗੀ।'' ਉਨ੍ਹਾਂ ਕਿਹਾ, ''ਦੋਵਾਂ ਰਾਜਾਂ ਦੇ ਮੁੱਖ ਮੰਤਰੀਆਂ ਵਿਚਾਲੇ ਚੰਗਾ ਸਮਝੌਤਾ ਹੋਇਆ ਹੈ। ਇਸ ਨੂੰ ਸਿਆਸੀ ਮੁੱਦਾ ਨਹੀਂ ਬਣਾਇਆ ਜਾਣਾ ਚਾਹੀਦਾ। ਸਾਰਿਆਂ ਨੂੰ ਸੁਪਰੀਮ ਕੋਰਟ ਦੇ ਫੈਸਲੇ ਦੀ ਉਡੀਕ ਕਰਨੀ ਚਾਹੀਦੀ ਹੈ।

## ਅੱਤਵਾਦ ਨੂੰ ਜਾਇਜ ਠਹਿਰਾਉਣ ਲਈ ਅੰਤਰਰਾਸ਼ਟਰੀ ਪਲੇਟਫਾਰਮ ਦੀ ਹੋ ਰਹੀ ਦੁਰਵਰਤੋਂ: ਐੱਸ. ਜੈਸ਼ੰਕਰ



ਸੰਯੁਕਤ ਰਾਸ਼ਟਰ, 14 ਦਸੰਬਰ (ਪੋਸਟ ਬਿਊਰੋ)- ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਬੁੱਧਵਾਰ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸਦ (ਯੂ.ਐੱਨ.ਐੱਸ.ਸੀ.) ਵਿਚ ਖੁੱਲ੍ਹੀ ਬਹਿਸ ਦੌਰਾਨ ਚੀਨ ਅਤੇ ਉਸ ਦੇ ਕਰੀਬੀ ਸਹਿਯੋਗੀ ਪਾਕਿਸਤਾਨ ਤੋਂ ਪਰਦਾ ਚੁੱਕਦਿਆਂ ਕਿਹਾ ਕਿ ਅੱਤਵਾਦ ਨੂੰ ਜਾਇਜ ਠਹਿਰਾਉਣ ਅਤੇ ਅਪਰਾਧੀਆਂ ਨੂੰ ਬਚਾਉਣ ਲਈ ਬਹੁਪੱਖੀ ਮੰਚਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।

ਯੂ.ਐੱਨ.ਐੱਸ.ਸੀ.) ਵਿਖੇ 'ਅੰਤਰਰਾਸ਼ਟਰੀ ਸ਼ਾਂਤੀ ਅਤੇ ਸੁਰੱਖਿਆ ਅਤੇ ਸੁਧਾਰ ਬਹੁਪੱਖੀਵਾਦ ਲਈ ਨਵੀਂ ਦਿਸ਼ਾ' ਵਿਸ਼ੇ 'ਤੇ ਖੁੱਲ੍ਹੀ ਬਹਿਸ ਦੀ ਪ੍ਰਧਾਨਗੀ ਕਰਦੇ ਹੋਏ ਜੈਸ਼ੰਕਰ ਨੇ ਇਹ ਵੀ ਕਿਹਾ ਕਿ ਸੰਘਰਸ਼ ਨੇ ਅਜਿਹੀ ਸਥਿਤੀ ਪੈਦਾ ਕਰ ਦਿੱਤੀ ਹੈ ਕਿ ਬਹੁ-ਪੱਖੀ ਪਲੇਟਫਾਰਮ ਇਕ ਨਿਸ਼ਕਿਰਿਆ ਰਵੱਈਆ ਨਹੀਂ ਰੱਖ ਸਕਦਾ।

ਉਨ੍ਹਾਂ ਕਿਹਾ, ''ਅੱਤਵਾਦ ਦੀ ਚੁਣੌਤੀ 'ਤੇ ਦੁਨੀਆ ਇਕਜੁੱਟ ਹੋ ਕੇ ਜਵਾਬ ਦੇ ਰਹੀ ਹੈ ਪਰ ਸਾਜ਼ਿਸ਼ਕਾਰਾਂ ਨੂੰ ਜਾਇਜ ਠਹਿਰਾਉਣ ਅਤੇ ਉਨ੍ਹਾਂ ਨੂੰ ਬਚਾਉਣ ਲਈ ਬਹੁਪੱਖੀ ਮੰਚਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।'' ਉਨ੍ਹਾਂ ਕਿਹਾ ਕਿ ਭਾਰਤ ਅਤੇ ਅਮਰੀਕਾ ਨੇ ਕਈ ਮੌਕਿਆਂ 'ਤੇ ਕੋਸ਼ਿਸ਼ਾਂ ਨੂੰ ਰੋਕਿਆ ਹੈ। ਪਾਕਿਸਤਾਨ ਦੇ ਜੈਸ਼-ਏ-ਮੁਹੰਮਦ ਦੇ ਮੁਖੀ ਮਸੂਦ ਅਜਹਰ ਵਰਗੇ ਅੱਤਵਾਦੀਆਂ ਦੀ ਸੂਚੀ ਵਿਚ ਸ਼ਾਮਲ ਹੈ।

ਜੈਸੰਕਰ ਭਾਰਤ ਦੀ ਮੌਜੂਦਾ ਪ੍ਰਧਾਨਗੀ ਹੇਠ ਸੰਯੁਕਤ ਰਾਸਟਰ ਸੁਰੱਖਿਆ ਪ੍ਰੀਸਦ ਵਿਚ ਅੱਤਵਾਦ ਅਤੇ ਸੁਧਾਰ ਕੀਤੇ ਬਹੁਪੱਖੀਵਾਦ 'ਤੇ ਦੋ ਪ੍ਰੋਗਰਾਮਾਂ ਦੀ ਅਗਵਾਈ ਕਰਨ ਲਈ ਮੰਗਲਵਾਰ ਨੂੰ ਇੱਥੇ ਪਹੁੰਚੇ ਸਨ। 15 ਮੈਂਬਰੀ ਯੂ.ਐੱਨ.ਐੱਸ.ਸੀ. ਦੇ ਚੁਣੇ ਹੋਏ ਮੈਂਬਰ ਵਜੋਂ ਭਾਰਤ ਦਾ ਦੋ ਸਾਲ ਦਾ ਕਾਰਜਕਾਲ ਇਸ ਮਹੀਨੇ ਖਤਮ ਹੋ ਜਾਵੇਗਾ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home · Auto
Business · Trucking
Life Insurance · Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill
KSG Pest Control Inc.

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan
Certified Instructor
Cell: 416 726 6206 Tel: 905 405 0001

Royal Pest Control
Residential Commercial Industrial
Specialist in Bedbugs Service
All Pest Control :
Mouse & Rats · Spiders & Fleas · Bedbugs · Wasps
Cockroaches · Carpenter Ants · Silver Fish · Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law · Business Law
Wills & Estates · Family Law
Power of Attorney · Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਜਨਤਕ ਮੁੱਦਿਆਂ ਦੀ ਚਿੰਤਾ ਰਹੇ ਸਭ ਨੂੰ,
ਲੈਣੀ ਮੁੱਦਿਆਂ ਦੀ ਪੈਂਦੀ ਆ ਟੋਹ ਮੀਆਂ।
ਦੇਸ਼ਭਗਤੀ ਦੀ ਕਿਤੇ ਰਹੀ ਚੱਲ ਚਰਚਾ,
ਕਿਸੇ ਥਾਂ ਮਸਲਾ ਹੈ ਦੇਸ਼ ਧਰੋਹ ਮੀਆਂ।
ਸੁੱਟ ਗਿਆ ਕੁੜੀ'ਤੇ ਕੋਈ ਤੇਜ਼ਾਬ ਮੁੰਡਾ,
ਕਿਧਰੇਸੁਣੀਫਿਰਹੋਈ ਆ ਖੋਹ ਮੀਆਂ।
ਆ ਗਿਆ ਆਗੂ ਲੁਟੇਰੇ ਦੇ ਮਗਰ ਕੋਈ,
ਉਸ ਨੂੰ ਆ ਗਿਆ ਸੁਣੀਂਦਾ ਮੋਹ ਮੀਆਂ।
ਕ੍ਰਿਕਟ ਵੇਖਦਾ ਕੋਈ ਆ ਮਸਤ ਹੋਇਆ,
ਕਰਦਾ ਸਿਰਫ ਸਕੋਰ ਦਾ ਜ਼ਿਕਰ ਮੀਆਂ।
ਫੁੱਟਬਾਲ ਵੇਖਦਾ ਆਪੇ ਉਹ ਜਾਏ ਨੱਚੀ,
ਸਾਰੇ ਮਸਲਿਆਂ ਦਾ ਭੁੱਲ ਫਿਕਰ ਮੀਆਂ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਨੇ ਨੌਜਵਾਨਾਂ ਵਿਚਾਲੇ ਸਵੈ-ਵਿਸ਼ਵਾਸ ਦੀ ਭਾਵਨਾ ਪੈਦਾ ਕਰਨ ਲਈ ਵਾਈਸ ਚਾਂਸਲਰਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਲਈ ਆਖਿਆ

### * ਨੌਜਵਾਨਾਂ ਲਈ ਸਵੈ-ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਹੁਨਰ ਆਧਾਰਤ ਮਿਆਰੀ ਸਿੱਖਿਆ ਉਤੇ ਦਿੱਤਾ ਜ਼ੋਰ * ਪੰਜਾਬ ਵਿੱਚ ਮੇਕਰਸਪੇਸ ਸੰਕਲਪ ਪੇਸ਼ ਕਰਨ ਉਤੇ ਸਰਕਾਰ ਕਰ ਰਹੀ ਹੈ ਵਿਚਾਰ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨੂੰ ਨੌਜਵਾਨਾਂ ਵਿੱਚ ਸਵੈ-ਵਿਸ਼ਵਾਸ ਦੀ ਭਾਵਨਾ ਭਰਨ ਉਤੇ ਧਿਆਨ ਕੇਂਦਰਤ ਕਰ ਕੇ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਇੱਥੇ ਬੁੱਧਵਾਰ ਨੂੰ ਆਪਣੇ ਦਫ਼ਤਰ ਵਿੱਚ ਸੂਬੇ ਦੀਆਂ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨ ਸੂਬੇ ਦਾ ਸਭ ਤੋਂ ਵੱਡਾ ਸਰਮਾਇਆ ਹਨ ਅਤੇ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖ਼ੁਸ਼ਹਾਲੀ ਯਕੀਨੀ ਬਣਾਉਣ ਲਈ ਇਸ ਸ਼ਕਤੀ ਨੂੰ ਸਹੀ ਤਰੀਕੇ ਨਾਲ ਸਿੱਖਿਅਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਤਾਕਤ ਦੀ ਸੁਚੱਜੀ ਵਰਤੋਂ ਲਈ ਉਨ੍ਹਾਂ ਦੀ ਸਮਰੱਥਾ ਵਧਾਉਣਾ ਸਮੇਂ ਦੀ ਲੋੜ ਹੈ ਤਾਂ ਜੋ ਸੂਬੇ ਦੇ ਵਿਕਾਸ ਲਈ ਉਹ ਆਪਣੀਆਂ ਸੇਵਾਵਾਂ ਦੀ ਬਿਹਤਰੀਨ ਤਰੀਕੇ ਨਾਲ ਵਰਤੋਂ ਕਰ ਸਕਣ।

ਭਗਵੰਤ ਮਾਨ ਨੇ ਕਿਹਾ ਕਿ ਯੂਨੀਵਰਸਿਟੀਆਂ ਸਿੱਖਿਆ ਦੇ ਮੰਦਰ ਹਨ ਅਤੇ ਨੌਜਵਾਨਾਂ ਨੂੰ ਭਵਿੱਖ ਦੇ ਲੀਡਰ ਬਣਨ ਲਈ ਉਤਸ਼ਾਹਤ ਕਰਨ ਵਾਸਤੇ ਇਨ੍ਹਾਂ ਮੰਦਰਾਂ ਦੀ ਸਹੀ ਵਰਤੋਂ ਜ਼ਰੂਰੀ ਹੈ।

ਵਿਦਿਆਰਥੀਆਂ ਨੂੰ ਹੁਨਰਮੰਦ ਕਰਨ ਲਈ ਮਿਆਰੀ ਸਿੱਖਿਆ ਦੇਣ ਦੀ ਲੋੜ ਉਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਵੱਡੇ ਪੱਧਰ ਉਤੇ ਨਿਵੇਸ਼ ਕਰਨ ਲਈ ਆ ਰਹੇ ਸਨਅਤਕਾਰਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਇਸ ਦੀ ਬੇਹੱਦ ਜ਼ਿਆਦਾ ਜ਼ਰੂਰਤ ਹੈ। ਭਗਵੰਤ ਮਾਨ ਨੇ ਕਿਹਾ ਕਿ ਹੁਨਰ ਸਿੱਖਿਆ ਰਾਹੀਂ



ਸੂਬੇ ਕੋਲ ਹੁਨਰਮੰਦ ਮਨੁੱਖੀ ਸ਼ਕਤੀ ਦਾ ਅਜਿਹਾ ਭੰਡਾਰ ਹੋਵੇਗਾ, ਜਿਸ ਤੋਂ ਸਨਅਤਕਾਰਾਂ ਨੂੰ ਫਾਇਦਾ ਮਿਲੇਗਾ। ਉਨ੍ਹਾਂ ਕਿਹਾ ਕਿ ਹੁਨਰ ਸਿੱਖਿਆ ਨੌਜਵਾਨਾਂ ਲਈ ਸਵੈ-ਰੋਜ਼ਗਾਰ ਦੇ ਨਵੇਂ ਰਸਤੇ ਖੋਲ੍ਹੇਗੀ, ਜਿਸ ਨਾਲ ਉਹ ਆਪਣਾ ਜੀਵਨ ਮਾਣ ਤੇ ਸਤਿਕਾਰ ਨਾਲ ਬਸਰ ਕਰਨ ਦੇ ਯੋਗ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਮੋਹਾਲੀ ਵਿੱਚ ਇਨੋਵੇਸ਼ਨ ਸੈਂਟਰ ਸਥਾਪਤ ਕੀਤਾ ਹੈ, ਜੋ ਸੂਬੇ ਦੇ ਨੌਜਵਾਨਾਂ ਦੇ ਬਹੁ-ਪੱਖੀ ਵਿਕਾਸ ਲਈ ਸਹਾਈ ਸਾਬਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕੇਂਦਰ ਨੌਜਵਾਨਾਂ ਨੂੰ ਭਵਿੱਖੀ ਚੁਣੌਤੀਆਂ ਤੇ ਜੀਵਨ ਵਿੱਚ ਸਫ਼ਲਤਾ ਦੇ ਯੋਗ ਬਣਾ ਰਿਹਾ ਹੈ। ਭਗਵੰਤ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਕੇਂਦਰ ਨੌਜਵਾਨਾਂ ਦੀ ਅਥਾਹ ਸ਼ਕਤੀ ਦੀ ਸਹੀ ਦਿਸ਼ਾ ਵਿੱਚ ਵਰਤੋਂ ਯਕੀਨੀ ਬਣਾਏਗਾ, ਜਿਸ ਨਾਲ ਉਹ ਸੂਬੇ ਦੀ ਸਮਾਜਿਕ-ਆਰਥਿਕ ਤਰੀਕੇ ਵਿੱਚ ਸਰਗਰਮ ਭਾਈਵਾਲ ਬਣਨਗੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਮੇਕਰਸਪੇਸ (ਵਿਚਾਰਾਂ ਤੇ ਤਕਨਾਲੋਜੀ ਦੇ ਆਦਾਨ-ਪ੍ਰਦਾਨ) ਦਾ ਸੰਕਲਪ ਪੇਸ਼ ਕਰਨ ਉਤੇ ਵੀ ਵਿਚਾਰ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਜਰਮਨੀ ਦੇ ਆਪਣੇ ਹਾਲੀਆ ਦੌਰੇ ਦੌਰਾਨ ਇਸ ਪ੍ਰਾਜੈਕਟ ਦਾ ਅਧਿਐਨ ਕੀਤਾ ਸੀ। ਉਨ੍ਹਾਂ ਕਿਹਾ ਕਿ ਮੇਕਰਸਪੇਸ ਸਾਰਿਆਂ ਲਈ ਸਿਰਜਣਾ ਦੇ ਨਵੇਂ ਤਰੀਕੇ ਵਿਹਾਰਕ ਤੌਰ ਉਤੇ ਸਿੱਖਣ ਦਾ ਮੌਕਾ ਹੋਵੇਗਾ। ਉਨ੍ਹਾਂ ਕਿਹਾ ਕਿ ਸਿਰਜਣਾ ਦੇ ਖੇਤਰ ਵਿੱਚ ਨੌਜਵਾਨਾਂ ਦੇ ਛੁਪੇ ਹੁਨਰ ਨੂੰ ਸਾਹਮਣੇ ਲਿਆਉਣ ਲਈ ਇਹ ਮੇਕਰਸਪੇਸ 3ਡੀ ਡਿਜ਼ਾਈਨਿੰਗ ਤੇ ਪ੍ਰਿੰਟਿੰਗ, ਆਡੀਓ-ਵਿਜ਼ੂਅਲ ਉਪਕਰਨ ਅਤੇ ਹੋਰ ਵਿਹਾਰਕ ਤਕਨੀਕਾਂ ਦੀਆਂ ਸਹੂਲਤਾਂ ਨਾਲ ਲੈਸ ਹੋਵੇਗਾ।

ਇਕ ਹੋਰ ਮੁੱਦੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਾਰਚ ਤੋਂ ਜੂਨ ਮਹੀਨੇ ਦੌਰਾਨ ਜੀ-20 ਸੰਮੇਲਨ ਦੇ ਦੋ ਸੈਸ਼ਨ ਹੋਣਾ ਸਮੇਂ ਲਈ ਚੰਗਾ ਸ਼ਗਨ ਹੈ। ਉਨ੍ਹਾਂ ਕਿਹਾ ਕਿ ਮਾਰਚ ਵਿੱਚ ਹੋਣ ਵਾਲਾ ਸੰਮੇਲਨ ਸਿੱਖਿਆ ਦੇ ਮੁੱਦੇ ਉਤੇ ਹੋ ਰਿਹਾ ਹੈ। ਇਸ ਲਈ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਵੱਡੀ ਗਿਣਤੀ ਵਿੱਚ ਇਸ ਸੰਮੇਲਨ ਵਿੱਚ ਭਾਗ ਲੈਣਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਸੰਮੇਲਨ ਆਲਮੀ ਮੁੱਦਿਆਂ ਬਾਰੇ ਵਿਦਿਆਰਥੀਆਂ ਦੀ ਸੋਚ ਦਾ ਘੇਰਾ ਮੋਕਲਾ ਕਰ ਕੇ ਉਨ੍ਹਾਂ ਦੇ ਜੀਵਨ ਵਿੱਚ ਉਸਾਰੂ ਤਬਦੀਲੀ ਲਿਆਏਗਾ।

## ਪ੍ਰੋਵਿੰਸ ਵੱਲੋਂ ਹੈਲਥ ਸਿਸਟਮ ਵਿੱਚ ਸੁਧਾਰ ਬਿਨਾਂ ਹੋਰ ਫੰਡ ਜਾਰੀ ਨਹੀਂ ਕਰੇਗੀ ਫੈਡਰਲ ਸਰਕਾਰ : ਟਰੂਡੋ

ਸਫਾ 1 ਦਾ ਬਾਕੀ

ਬੱਚਿਆਂ ਵਿੱਚ ਸਾਹ ਸਬੰਧੀ ਬਿਮਾਰੀ ਫੈਲਣ ਕਾਰਨ ਦੇਸ਼ ਭਰ ਦੇ ਹਸਪਤਾਲ ਲੋੜ ਤੋਂ ਵੱਧ ਭਰੇ ਹੋਏ ਹਨ, ਦੂਜੇ ਪਾਸੇ ਬੱਚਿਆਂ ਤੇ ਹੋਰਨਾਂ ਮਰੀਜ਼ਾਂ ਦਾ ਇਲਾਜ ਕਰਨ ਲਈ ਸਟਾਫ ਦੀ ਘਾਟ ਵੀ ਪਾਈ ਜਾ ਰਹੀ ਹੈ। ਮਹਾਂਮਾਰੀ ਤੋਂ ਬਾਅਦ ਲਾਂਗ ਟਰਮ ਤੇ ਹੋਰਨਾਂ ਫੰਡਾਂ ਵਿੱਚ ਵਾਧੇ ਦੀ ਮੰਗ ਨੂੰ ਲੈ ਕੇ ਪ੍ਰੋਵਿੰਸਾਂ ਵੱਲੋਂ ਪ੍ਰਧਾਨ ਮੰਤਰੀ ਨਾਲ ਗੱਲਬਾਤ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਜ਼ਿਕਰਯੋਗ ਹੈ ਕਿ ਪ੍ਰੋਵਿੰਸ ਚਾਹੁੰਦੇ ਹਨ ਕਿ ਫੈਡਰਲ ਸਰਕਾਰ ਦੇਸ਼ ਭਰ ਵਿੱਚ ਹੈਲਥ ਕੇਅਰ ਉੱਤੇ ਆਉਣ ਵਾਲੇ ਖਰਚੇ ਦਾ 35 ਫੀ ਸਦੀ ਦੇਵੇ ਜੋ ਕਿ ਹੁਣ ਨਾਲੋਂ 22 ਫੀ ਸਦੀ ਵੱਧ ਹੈ।

ਪਹਿਲਾਂ ਟਰੂਡੋ ਨੇ ਪ੍ਰੋਵਿੰਸਾਂ ਨੂੰ ਆਖਿਆ ਸੀ ਕਿ ਇਸ ਫੰਡ ਲਈ ਉਹ ਮਹਾਂਮਾਰੀ ਖ਼ਤਮ ਹੋਣ ਤੱਕ ਦੀ ਉਡੀਕ ਕਰਨ ਪਰ ਬਾਅਦ ਵਿੱਚ ਉਨ੍ਹਾਂ ਓਮਾਇਕ੍ਰੋਨ ਵੇਵ ਦੌਰਾਨ 2 ਬਿਲੀਅਨ ਡਾਲਰ ਇੱਕਮੁਸ਼ਤ, ਜੋ ਕਿ ਇਸ ਕੰਮ ਲਈ ਹੀ ਸਮਰਪਿਤ ਸੀ, ਜਾਰੀ ਕਰ ਦਿੱਤਾ। ਹੁਣ ਟਰੂਡੋ ਦਾ ਕਹਿਣਾ ਹੈ ਕਿ ਹੋਰ ਫੰਡ ਜਾਰੀ ਕਰਨ ਤੋਂ ਪਹਿਲਾਂ ਸਿਸਟਮ ਵਿੱਚ ਸੁਧਾਰ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਇਹ ਵੀ ਆਖਿਆ ਕਿ ਜਦੋਂ ਤੱਕ ਪ੍ਰੋਵਿੰਸ ਤਬਦੀਲੀ ਦਾ ਵਾਅਦਾ ਨਹੀਂ ਕਰਦੇ ਉਨ੍ਹਾਂ ਵੱਲੋਂ ਹੋਰ ਫੰਡ ਜਾਰੀ ਨਹੀਂ ਕੀਤੇ ਜਾਣਗੇ।

## ਪੰਜਾਬ ਮੈਰਿਜ਼ ਪੈਲਸ ਤੇ ਰਿਜੌਰਟਸ ਐਸੋਸੀਏਸ਼ਨ ਦੇ ਵਫਦ ਨੇ ਰੋਡ ਅਕਸੈਸ ਫੀਸ ਸਬੰਧੀ ਮੰਤਰੀ ਹਰਭਜਨ ਸਿੰਘ ਈ.ਟੀਓ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਸੂਬੇ ਵਿਚ ਰੋਡ ਅਕਸੈਸ (ਸੜਕ ਤੱਕ ਪਹੁੰਚ) ਦੀ ਸਰਕਾਰੀ ਫੀਸ ਸਬੰਧੀ ਪੰਜਾਬ ਮੈਰਿਜ਼ ਪੈਲਸ ਅਤੇ ਰਿਜੌਰਟਸ ਐਸੋਸੀਏਸ਼ਨ ਦਾ ਵਫਦ ਅੱਜ ਇੱਥੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੂੰ ਮਿਲਿਆ। ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਮੌਜੂਦਾ ਫੀਸ ਮੈਰਿਜ਼ ਪੈਲਸ ਵਾਲੇ ਭਰਨ ਅਤੇ ਪੁਰਾਣੇ ਬਕਾਏ ਬਾਰੇ ਪ੍ਰਸਥਾਵ ਤਿਆਰ ਕਰਕੇ ਦੇਣ ਜਿਸ ਬਾਰੇ ਵਿਚਾਰ ਕੀਤਾ ਜਵੇਗਾ।




ਇਸ ਤੋਂ ਪੰਜਾਬ ਮੈਰਿਜ਼ ਪੈਲਸ ਅਤੇ ਰਿਜੌਰਟਸ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸਿੰਘ ਸਿੱਧੂ ਅਤੇ ਜਨਰਲ ਸਕੱਤਰ ਮਨਵਿੰਦਰ ਸਿੰਘ ਗੋਲਡੀ ਦੀ ਪ੍ਰਧਾਨਗੀ ਵਿਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੂੰ ਮਿਲੇ, ਜਿੰਨਾਂ ਨੇ ਮੈਰਿਜ਼ ਪੈਲਸ ਅਤੇ ਰਿਜੌਰਟਸ ਨੂੰ ਰੋਡ ਅਕਸੈਸ (ਸੜਕ ਤੱਕ ਪਹੁੰਚ) ਲਈ ਪਿਛਲੇ 8 ਸਾਲ ਤੋਂ ਫੀਸ ਨਾ ਭਰਨ ਸਬੰਧੀ ਨੋਟਿਸ ਮਿਲਣ ਦਾ ਮਾਮਲਾ ਧਿਆਨ ਵਿਚ ਲਿਆਂਦਾ।

ਇਸ ਸਬੰਧੀ ਪੰਜਾਬ ਮੈਰਿਜ਼ ਪੈਲਸ ਅਤੇ ਰਿਜੌਰਟਸ ਐਸੋਸੀਏਸ਼ਨ ਦੇ ਵਫਦ ਦੀ ਸਹਿਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਸ ਸਾਲ ਦੀ ਫੀਸ ਬਿਨਾਂ ਦੇਰੀ ਭਰੀ ਜਾਵੇ ਅਤੇ ਬਾਕੀ ਸਾਲਾਂ ਦੇ ਬਕਾਏ ਬਾਰੇ ਲਿਖਤੀ ਪ੍ਰਸਤਾਵ ਦਿੱਤਾ ਜਾਵੇ ਜਿਸ ਬਾਰੇ ਵਿਚਾਰ ਕੀਤਾ ਜਾਵੇਗਾ।

## ਵਿਜੀਲੈਂਸ ਵੱਲੋਂ ਪੰਚਾਇਤੀ ਫੰਡਾਂ ਵਿੱਚ ਘਪਲੇ ਦੇ ਦੋਸ਼ ਵਿੱਚ ਪੰਚਾਇਤ ਸਕੱਤਰ ਗ੍ਰਿਫਤਾਰ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਗ੍ਰਾਮ ਪੰਚਾਇਤ ਹਵਾਰਾ, ਬਲਾਕ ਖਮਾਣੋਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਤਾਇਨਾਤ ਪੰਚਾਇਤ ਸਕੱਤਰ ਰਜਿੰਦਰ ਸਿੰਘ ਨੂੰ 37,55,000 ਰੁਪਏ ਦੇ ਫੰਡਾਂ ਦਾ ਘਪਲਾ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ।




ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਇੱਕ ਸ਼ਿਕਾਇਤ ਦੀ ਪੜਤਾਲ ਉਪਰੰਤ ਪੁਲਿਸ ਥਾਣਾ ਵਿਜੀਲੈਂਸ ਬਿਊਰੋ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਉਕਤ ਪਿੰਡ ਦੇ ਸਾਬਕਾ ਸਰਪੰਚ ਬਲਦੇਵ ਸਿੰਘ ਦੇ ਕਾਰਜਕਾਲ ਦੌਰਾਨ ਗ੍ਰਾਮ ਪੰਚਾਇਤ ਨੂੰ 37,55,000 ਰੁਪਏ ਦੀਆਂ ਵਿਕਾਸ ਸਬੰਧੀ ਗਰਾਂਟਾਂ ਪ੍ਰਾਪਤ ਹੋਈਆਂ ਸਨ। ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਉਕਤ ਕਥਿਤ ਦੋਸ਼ੀ ਪੰਚਾਇਤ ਸਕੱਤਰ ਨੇ ਗੁਰਦੀਪ ਸਿੰਘ, ਜੂਨੀਅਰ ਇੰਜੀਨੀਅਰ (ਜੇ.ਈ.), ਪੰਚਾਇਤੀ ਰਾਜ ਖਮਾਣੋਂ ਅਤੇ ਸਾਬਕਾ ਸਰਪੰਚ ਬਲਦੇਵ ਸਿੰਘ ਦੀ ਮਿਲੀਭੁਗਤ ਨਾਲ ਉਕਤ ਰਾਸ਼ੀ ਦਾ ਗਬਨ ਕੀਤਾ ਹੈ।

ਵਿਜੀਲੈਂਸ ਬਿਊਰੋ ਦੀ ਟੀਮ ਨੇ ਇਹ ਵੀ ਪਾਇਆ ਹੈ ਕਿ ਗੁਰਦੀਪ ਸਿੰਘ ਜੇ.ਈ. ਨੇ ਗ੍ਰਾਮ ਪੰਚਾਇਤ ਦੇ ਮਿਣਤੀ ਇੰਦਰਾਜ ਰਜਿਸਟਰ (ਐਮ.ਬੀ. ਬੁੱਕ) ਵਿੱਚ ਉਕਤ ਗ੍ਰਾਂਟਾਂ ਦੀ ਕੋਈ ਐਂਟਰੀ ਨਹੀਂ ਕੀਤੀ। ਉਪਰੋਕਤ ਗਰਾਂਟਾਂ ਵਿੱਚੋਂ, ਬਿਊਰੋ ਨੇ 19,05,000 ਰੁਪਏ ਦਾ ਮੁਲਾਂਕਣ ਕੀਤਾ ਪਰ ਇਸ ਦੇ ਵੇਰਵੇ ਐਮ.ਬੀ. ਬੁੱਕ ਵਿੱਚ ਦਰਜ ਨਹੀਂ ਕੀਤੇ ਗਏ।

ਉਨ੍ਹਾਂ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਉਕਤ ਗਰਾਂਟਾਂ ਵਿੱਚ ਘਪਲਾ ਕਰਨ ਉਪਰੰਤ ਗੁਰਦੀਪ ਸਿੰਘ ਜੇ.ਈ. ਨੇ ਇਸ ਸਬੰਧੀ ਵਰਤੋਂ ਸਰਟੀਫਿਕੇਟ 'ਤੇ ਦਸਤਖਤ ਕਰਕੇ ਇਹਨਾਂ ਨੂੰ ਬੀ.ਡੀ.ਪੀ.ਓ. ਖਮਾਣੋਂ ਤੋਂ ਜਾਰੀ ਕਰਵਾ ਲਿਆ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਜਾਂਚ ਉਪਰੰਤ ਇਸ ਘਪਲੇ ਵਿੱਚ ਦੋਸ਼ੀ ਗੁਰਦੀਪ ਸਿੰਘ, ਜੇ.ਈ. ਅਤੇ ਬਲਦੇਵ ਸਿੰਘ ਸਾਬਕਾ ਸਰਪੰਚ ਤੋਂ ਇਲਾਵਾ ਇਸ ਵਿੱਚ ਸ਼ਾਮਲ ਹੋਰਨਾਂ ਖਿਲਾਫ਼ ਕਾਰਵਾਈ ਕੀਤੀ ਜਾਵੇਗੀ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸੰਯੁਕਤ ਰਾਸ਼ਟਰ ਸਾਹਮਣੇ ਭਾਰਤ ਵਿਰੁੱਧ ਰੋਸ ਕਰਨ ਵਾਲੇ ਸ਼ਹੀਦ ਭਾਈ ਤਾਰੂ ਸਿੰਘ ਦੇ ਅਸਥਾਨ ਨੂੰ ਤਾਲਾ ਲੱਗਣ 'ਤੇ ਚੁੱਪ ਕਿਉਂ : ਪ੍ਰੋ: ਸਰਚਾਂਦ ਸਿੰਘ ਖਿਆਲਾ

*** ਭਾਰਤ 'ਚ ਨਰਿੰਦਰ ਮੋਦੀ ਦੀ ਸਿੱਖ ਹਿਤੈਸ਼ੀ ਸਰਕਾਰ ਹੈ ਪਰ ਪਾਕਿਸਤਾਨ 'ਚ ਸਿੱਖਾਂ ਤੇ ਹਿੰਦੂਆਂ ਦੀਆਂ ਧੀਆਂ ਭੈਣਾਂ ਸੁਰਖਿਅਤ ਨਹੀਂ**

ਅੰਮ੍ਰਿਤਸਰ 14 ਦਸੰਬਰ (ਪੋਸਟ ਬਿਊਰੋ)- ਭਾਰਤੀ ਜਨਤਾ ਪਾਰਟੀ ਦੇ ਸਿੱਖ ਆਗੂ ਪ੍ਰੋ: ਸਰਚਾਂਦ ਸਿੰਘ ਖਿਆਲਾ ਨੇ ਵਿਦੇਸ਼ਾਂ ਵਿਚ ਭਾਰਤ ਵਿਰੁੱਧ ਸਰਗਰਮ ਅਖੌਤੀ ਵਰਲਡ ਸਿੱਖ ਪਾਰਲੀਮੈਂਟ ਅਤੇ ਸਿੱਖ ਫ਼ਾਰ ਜਸਟਿਸ ਨੂੰ ਆੜੇ ਹੱਥੀਂ ਲੈਂਦਿਆਂ ਉਨ੍ਹਾਂ ਦੇ ਸਿੱਖੀ ਪ੍ਰਤੀ ਮੋਹ ਨੂੰ 'ਕੇਵਲ ਇਕ ਦਿਖਾਵਾ' ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਭਾਰਤ ਵਿਚ ਇਸ ਵਕਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਕ ਸਿੱਖ ਹਿਤੈਸ਼ੀ ਸਰਕਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਨੇਵਾ 'ਚ ਸਥਿਤ ਸੰਯੁਕਤ ਰਾਸ਼ਟਰ ਦਫ਼ਤਰ ਦੇ ਸਾਹਮਣੇ ਭਾਰਤ ਵਿਰੁੱਧ ਪ੍ਰਦਰਸ਼ਨ ਕਰਨ ਵਾਲਿਆਂ ਦਾ ਸਿੱਖੀ ਸਰੋਕਾਰਾਂ ਨਾਲ ਕੋਈ ਲੈਣਾ ਦੇਣਾ ਨਹੀਂ ਹੈ। ਇਨ੍ਹਾਂ ਦਾ ਮਕਸਦ ਕੇਵਲ ਲੋਕਾਂ ਨੂੰ ਗੁਮਰਾਹ ਕਰਕੇ ਸਿਆਸੀ ਰੋਟੀਆਂ ਸੇਕਣਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਨਾ ਹੁੰਦਾ ਤਾਂ ਉਹ ਸਿੱਖ ਅਤੇ ਘੱਟਗਿਣਤੀ ਭਾਈਚਾਰਿਆਂ ਨਾਲ ਪਾਕਿਸਤਾਨ ਵਿਚ ਕੱਟੜਪੰਥੀ ਮੁਸਲਮਾਨਾਂ ਵੱਲੋਂ ਸਰਕਾਰ ਦੀ ਮਿਲੀ ਭੁਗਤ ਨਾਲ ਕੀਤੇ ਜਾ ਰਹੇ ਅੱਤਿਆਚਾਰ ਦੇ ਖ਼ਿਲਾਫ਼ ਸਭ ਕੁਝ ਜਾਣ ਦੇ ਹੋਏ ਵੀ ਖ਼ਾਮੋਸ਼ ਨਾ ਰਹਿੰਦੇ।



ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਿਸ਼ਵ ਦਾ ਪੂਰਾ ਸਿਖ ਭਾਈਚਾਰਾ ਨਿੱਤ ਦੀ ਅਰਦਾਸ ਵਿਚ ਯਾਦ ਕੀਤੇ ਜਾਂਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਪਾਕਿਸਤਾਨ ਦੇ ਲਾਹੌਰ ਵਿਚ ਸਥਿਤ ਅੰਗੀਠਾ ਸਾਹਿਬ ( ਸਮਾਧ) ਅਸਥਾਨ ਨੂੰ ਸਰਕਾਰ ਦੀ ਸ਼ਹਿ ਨਾਲ ਕੱਟੜਪੰਥੀਆਂ ਵੱਲੋਂ ਕੀਤੇ ਗਏ ਕਬਜ਼ੇ ਅਤੇ ਅਸਥਾਨ ਨੂੰ ਸਰਕਾਰ ਵੱਲੋਂ ਮਾਰੇ ਗਏ ਤਾਲੇ ਨੂੰ ਲੈ ਕੇ ਚਿੰਤਿਤ ਅਤੇ ਰੋਸ ਵਿਚ ਹੈ। ਪਰ ਵਰਲਡ ਸਿੱਖ ਪਾਰਲੀਮੈਂਟ ਅਤੇ ਸਿੱਖ ਫ਼ਾਰ ਜਸਟਿਸ ਕੋਲ ਇਸ ਘਟਨਾ ਵਿਰੁੱਧ ਕਹਿਣ ਲਈ ਇਕ ਲਫ਼ਜ਼ ਵੀ ਕਿਉਂ ਨਹੀਂ ਹੈ? ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ 'ਤੇ ਮਨੁੱਖੀ ਅਧਿਕਾਰਾਂ ਬਾਰੇ ਦੁਹਾਈ ਦੇਣ ਵਾਲੇ ਇਨ੍ਹਾਂ ਲੋਕਾਂ ਨੂੰ ਪਾਕਿਸਤਾਨ ਦੇ ਵਿਚ ਅਨੇਕਾਂ ਸਿੱਖ ਕੁੜੀਆਂ ਨੂੰ ਅਗਵਾ ਕਰਦਿਆਂ ਜਬਰੀ ਧਰਮ ਪਰਿਵਰਤਨ ਕਰਾ ਕੇ ਕਿਸੇ ਮੁਸਲਮਾਨ ਨਾਲ ਨਿਕਾਹ ਕਰਨ ਦੇ ਵੱਧ ਰਹੇ ਕੇਸਾਂ, ਘਟਨਾਵਾਂ ਅਤੇ ਅੱਤਿਆਚਾਰਾਂ ਬਾਰੇ ਕੋਈ ਦੁੱਖ ਜਾਂ ਰੋਸ ਕਿਉਂ ਨਹੀਂ ਹੈ? ਜਿੱਥੇ ਕਦੀ ਤਾਂ ਕਿਸੇ ਗ੍ਰੰਥੀ ਦੀ ਕੁੜੀ ਅਗਵਾ ਹੁੰਦੀ ਹੈ ਅਤੇ ਕਦੀ ਕਿਸੇ ਅਬਲਾ ਨਾਰੀ 'ਤੇ ਅਤਿਆਚਾਰ ਹੁੰਦਾ ਹੈ।

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਅਖੌਤੀ ਇਨਸਾਫ਼ ਰੈਲੀਆਂ ਕਰਕੇ ਭਾਰਤ ਵਿਰੁੱਧ ਭੜਾਸ ਕੱਢਣ ਵਾਲਿਆਂ ਅਤੇ ਬੋਗਸ ਰੈਫਰੈਂਡਮ ਕਰਵਾਉਣ ਵਾਲਿਆਂ ਨੂੰ ਪਾਕਿਸਤਾਨ ਵਿਚ ਸਿੱਖ ਅਤੇ ਹਿੰਦੂਆਂ 'ਤੇ ਕੀਤੇ ਜਾ ਰਹੇ ਹਮਲਿਆਂ ਬਾਰੇ ਅਵਾਜ਼ ਉਠਾਉਣ ਤੋਂ ਕੌਣ ਰੋਕ ਰਿਹਾ ਹੈ? ਜਿੱਥੇ ਧੀਆਂ ਨੂੰ ਅਗਵਾ, ਉਨ੍ਹਾਂ ਨਾਲ ਬਲਾਤਕਾਰ ਅਤੇ ਫਿਰ ਜ਼ਬਰਦਸਤੀ ਵਿਆਹ ਕੀਤੇ ਜਾਣ ਦੇ ਬਾਵਜੂਦ ਐਫਆਈਆਰ ਵੀ ਦਰਜ ਨਹੀਂ ਕੀਤੀ ਜਾਂਦੀ। ਉਨਾ ਕਿਹਾ ਕਿ ਪਿਛਲੇ ਮਹੀਨੇ ਦੌਰਾਨ ਹੀ ਖੈਬਰ ਪਖਤੂਨਖਵਾ ਸੂਬੇ ਦੇ ਬੁਨੇਰ ਜ਼ਿਲੇ 'ਚ ਸਿੱਖ ਭਾਈਚਾਰੇ ਦੀ ਇਕ ਲੜਕੀ ਨੂੰ ਪੁਲਿਸ ਦੀ ਸ਼ਹਿ ਨਾਲ ਬੰਦੂਕ ਦੀ ਨੋਕ 'ਤੇ ਜ਼ਬਰਦਸਤੀ ਅਗਵਾ ਕਰ ਕੇ ਇਸਲਾਮ ਕਬੂਲ ਕਰ ਲਿਆ ਗਿਆ, ਫਿਰ ਉਸ ਨਾਲ ਬਲਾਤਕਾਰ ਕੀਤਾ ਗਿਆ ਅਤੇ ਉਸ ਤੋਂ ਬਾਅਦ ਅਗਵਾਕਾਰ ਨਾਲ ਵਿਆਹ ਕਰਵਾ ਕੇ ਉਸ ਦਾ ਧਰਮ ਬਦਲ ਦਿੱਤਾ ਗਿਆ। ਇਸ ਖ਼ੌਫ਼ਨਾਕ ਘਟਨਾ ਤੋਂ ਬਾਅਦ ਸਿੱਖ ਭਾਈਚਾਰਿਆਂ ਵੱਲੋਂ ਇਨਸਾਫ਼ ਲੈਣ ਲਈ ਵੱਡੇ ਪੱਧਰ 'ਤੇ ਰੋਡ ਜਾਮ ਕਰਦਿਆਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀ ਸਿੱਖ ਦੀਆਂ ਅਪੀਲਾਂ ਕਿ 'ਮੈਂ ਦੁਨੀਆ ਭਰ ਦੇ ਸਿੱਖ ਭਾਈਚਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਅਪਰਾਧ ਦਾ ਵਿਰੋਧ ਕਰਨ ਅਤੇ ਸਾਡਾ ਸਮਰਥਨ ਕਰਨ ਤਾਂ ਜੋ ਸਾਡੀ ਧੀ ਸਾਡੇ ਕੋਲ ਵਾਪਸ ਆ ਸਕੇ।'' ਕੀ ਸੰਯੁਕਤ ਰਾਸ਼ਟਰ ਦੀ ਇਮਾਰਤ ਦੇ ਸਾਹਮਣੇ ਧਰਨਾ ਦੇ ਕੇ ਸਿੱਖੀ ਨਾਲ ਹੇਜ਼ ਜਤਾਉਣ ਵਾਲਿਆਂ ਅਤੇ ਐਸ ਐਫ ਜੇ ਦੇ ਗੁਰ ਪਤਵੰਤ ਸਿੰਘ ਪੰਨੂ ਨੂੰ ਇਹ ਅਵਾਜ਼ਾਂ ਸੁਣਾਈ ਨਹੀਂ ਦਿੰਦਿਆਂ ? ਜਾਂ ਫਿਰ ਪੰਨੂ ਵਰਗਿਆਂ ਨੂੰ ਪਾਕਿਸਤਾਨੀ ਖ਼ੁਫ਼ੀਆ ਏਜੰਸੀ ਂਿਂਿ। ਦੇ ਇਸ਼ਾਰੇ 'ਤੇ ਪੰਜਾਬ ਦੀ ਅਮਨ-ਕਾਨੂੰਨ ਨੂੰ ਖ਼ਰਾਬ ਕਰਨ ਦੀ ਸਾਜ਼ਿਸ਼ ਤੋਂ ਹੀ ਵਿਹਲ ਨਹੀਂ? ਉਨ੍ਹਾਂ ਕਿ ਪੰਜਾਬ ਦੇ ਨੌਜਵਾਨ ਹੁਣ ਸਭ ਜਾਣ ਚੁੱਕੇ ਹਨ ਉਹ ਪੰਨੂ ਵਰਗਿਆਂ ਦੇ ਝਾਂਸੇ ਵਿਚ ਨਹੀਂ ਆਉਣਗੇ।

# ਅਕਾਲੀ ਦਲ ਨੇ ਮੁੱਖ ਮੰਤਰੀ ਨੂੰ ਆਖਿਆ: ਪੰਜਾਬੀਆਂ ਨੂੰ ਦੱਸੋ ਕਿ ਤੁਸੀਂ ਝੂਠ ਕਿਉਂ ਬੋਲਿਆ ਕਿ ਚੰਡੀਗੜ੍ਹ ਪ੍ਰਸ਼ਾਸਨ ਨੇ ਐੱਸ ਐੱਸ ਪੀ ਚਾਹਲ ਨੂੰ ਹਟਾਉਣ ਦੇ ਫੈਸਲੇ ਮਗਰੋਂ ਅਫਸਰਾਂ ਦਾ ਪੈਨਲ ਨਹੀਂ ਮੰਗਿਆ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਖਿਆ ਕਿ ਉਹ ਪੰਜਾਬੀਆਂ ਨੂੰ ਦੱਸਣ ਕਿ ਉਹਨਾਂ ਨੇ ਝੂਠ ਕਿਉਂ ਬੋਲਿਆ ਕਿ ਯੂ ਟੀ ਪ੍ਰਸ਼ਾਸਨ ਨੇ ਪੰਜਾਬ ਕੇਡਰ ਦੇ ਅਫਸਰ ਕੁਲਦੀਪ ਚਾਹਲ ਨੂੰ ਐਸ ਐਸ ਪੀ ਚੰਡੀਗੜ੍ਹ ਦੇ ਅਹੁਦੇ ਤੋਂ ਹਟਾਉਣ ਦਾ ਫੈਸਲਾ ਕਰ ਕੇ ਪੰਜਾਬ ਤੋਂ ਅਫਸਰਾਂ ਦਾ ਪੈਨਲ ਨਹੀਂ ਮੰਗਿਆ।



ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਇਥੇ ਜਾਰੀ ਕੀਤੇ ਬਿਆਨ ਵਿਚ ਕਿਹਾ ਕਿ ਝੂਠ ਬੋਲ ਕੇ ਪੰਜਾਬ ਅਤੇ ਪੰਜਾਬੀਆਂ ਨੂੰ ਨਮੋਸ਼ੀ ਦਾ ਪਾਤਰ ਬਣਾਉਣਾ ਮੁੱਖ ਮੰਤਰੀ ਦੀ ਆਦਤ ਬਣ ਗਈ ਹੈ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਗੁੰਮ-ਰਾਹਕੁੰਨ ਪੱਤਰ ਲਿਖ ਕੇ ਪ੍ਰਸ਼ਾਸਨ ਦਾ ਮਖੌਲ ਉਡਾਇਆ ਅਤੇ ਬਿਨਾਂ ਠੋਸ ਆਧਾਰ 'ਤੇ ਵੱਡੇ ਵੱਡੇ ਝੂਠੇ ਦਾਅਵੇ ਵੀ ਕੀਤੇ। ਉਹਨਾਂ ਕਿਹਾ ਕਿ ਹੁਣ ਇਹ ਮੁੱਖ ਮੰਤਰੀ ਹੀ ਦੱਸਣ ਕਿ ਉਹਨਾਂ ਨੇ ਝੂਠਾ ਦਾਅਵਾ ਕਿਉਂ ਕੀਤਾ ਕਿ ਯੂ ਟੀ ਪ੍ਰਸ਼ਾਸਨ ਨੇ ਐਸ ਐਸ ਪੀ ਕੁਲਦੀਪ ਚਾਹਲ ਨੂੰ ਹਟਾਉਣ ਦਾ ਫੈਸਲਾ ਕਰਨ ਮਗਰੋਂ ਪੰਜਾਬ ਸਰਕਾਰ ਤੋਂ ਅਫਸਰਾਂ ਦਾ ਪੈਨਲ ਨਹੀਂ ਮੰਗਿਆ।

ਉਹਨਾਂ ਮੁੱਖ ਮੰਤਰੀ ਨੂੰ ਇਹ ਵੀ ਪੁੱਛਿਆ ਕਿ ਕੀ ਇਸ ਮਾਮਲੇ ਵਿਚ ਯੂ ਟੀ ਪ੍ਰਸ਼ਾਸਕ ਤੇ ਮੁੱਖ ਸਕੱਤਰ ਵਿਚਾਲੇ ਹੋਈ ਗੱਲਬਾਤ ਬਾਰੇ ਉਹਨਾਂ ਨੂੰ ਜਾਣਕਾਰੀ ਦਿੱਤੀਗਈ ਸੀ ਜਾਂ ਨਹੀਂ ਕਿਉਂਕਿ ਮੁੱਖ ਸਕੱਤਰ ਸਿੱਧਾ ਸ੍ਰੀ ਅਰਵਿੰਦ ਕੇਜਰੀਵਾਲ ਤੇ ਰਾਘਵ ਚੱਢਾ ਨੂੰ ਰਿਪੋਰਟ ਕਰਦੇ ਹਨ ਅਤੇ ਭਗਵੰਤ ਮਾਨ ਨੂੰ ਨਹੀਂ।

ਡਾ. ਚੀਮਾ ਨੇ ਕਿਹਾ ਕਿ ਯੂ ਟੀ ਪ੍ਰਸ਼ਾਸਕ ਦੇ ਮੁੱਖ ਮੰਤਰੀ ਨੂੰ ਦਿੱਤੇ ਜਵਾਬ ਜੋ ਜਨਤਕ ਹੈ, ਤੋਂ ਸਪਸ਼ਟ ਹੈ ਕਿ ਪ੍ਰਸ਼ਾਸਕ ਨੇ 28 ਨਵੰਬਰ ਨੂੰ ਹੀ ਅਫਸਰਾਂ ਦਾ ਪੈਨਲ ਮੰਗਿਆ ਸੀ ਤੇ ਫਿਰ ਪ੍ਰਸ਼ਾਸਕ ਦੇ ਸਲਾਹਕਾਰ ਨੇ ਇਹੀ ਬੇਨਤੀ 30 ਨਵੰਬਰ ਨੂੰ ਦੁਹਰਾਈ। ਉਹਨਾਂ ਕਿਹਾ ਕਿ ਪ੍ਰਸ਼ਾਸਕ ਨੇ ਇਹ ਵੀ ਸਪਸ਼ਟ ਹੈ ਕਿ ਯੂ ਟੀ ਪ੍ਰਸ਼ਾਸਨ ਇਸ ਮਾਮਲੇ ਵਿਚ ਲਗਾਤਾਰ ਪੰਜਾਬ ਸਰਕਾਰ ਦੇ ਸੰਪਰਕ ਵਿਚ ਸੀ।

ਅਕਾਲੀ ਆਗੂ ਨੇ ਕਿਹਾ ਕਿ ਮੁੱਖ ਮੰਤਰੀ ਦੱਸਣ ਕਿ ਉਹਨਾਂ ਨੇ ਯੂ ਟੀ ਪ੍ਰਸ਼ਾਸਨ ਦੀ ਬੇਨਤੀ 'ਤੇ ਕੋਈ ਫੈਸਲਾ ਕਿਉਂ ਨਹੀਂ ਲਿਆ ਅਤੇ ਉਲਟਾ ਸ੍ਰੀ ਕੁਲਦੀਪ ਚਾਹਲ ਨੂੰ ਹਟਾਏ ਜਾਣ ਮਗਰੋਂ ਗੁੰਮ-ਰਾਹਕੁੰਨ ਜਵਾਬ ਕਿਉਂ ਦਿੱਤਾ। ਡਾ. ਚੀਮਾ ਨੇ ਮੁੱਖ ਮੰਤਰੀ ਨੂੰ ਇਹ ਵੀ ਆਖਿਆ ਕਿ ਉਹ ਦੱਸਣ ਕਿ ਕੀ ਹੁਣ ਤੱਕ ਵੀ ਪੈਨਲ ਭੇਜ ਦਿੱਤਾ ਗਿਆ ਹੈ ਜਾਂ ਨਹੀਂ।

ਇਸ ਦੌਰਾਨ ਅਕਾਲੀ ਆਗੂ ਨੇ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਝੂਠ ਬੋਲਣਾ ਮੁੱਖ ਮੰਤਰੀ ਦੀ ਆਦਤ ਬਣ ਗਈ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਦਾ ਇਕ ਹੋਰ ਝੂਠ ਅੱਜ ਬੇਨਕਾਬ ਹੋ ਗਿਆ ਜਦੋਂ ਸੂਬੇ ਦੇ ਡੀ ਜੀ ਪੀ ਗੌਰਵ ਯਾਦਵ ਨੇ ਗੈਂਗਸਟਰ ਗੋਲਡੀ ਬਰਾੜ ਨੂੰ ਅਮਰੀਕੀ ਅਧਿਕਾਰੀਆਂ ਵੱਲੋਂ ਗ੍ਰਿਫਤਾਰ ਕਰਨ ਦੇ ਸ੍ਰੀ ਭਗਵੰਤ ਮਾਨ ਦੇ ਦਾਅਵੇ ਬਾਰੇ ਟਿੱਪਣੀ ਕਰਨ ਤੋਂ ਨਾਂਹ ਕਰ ਦਿੱਤੀ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੂੰ ਆਪਣੀ ਇਹ ਆਦਤ ਛੱਡ ਦੇਣੀ ਚਾਹੀਦੀ ਹੈ ਤੇ ਪੰਜਾਬ ਤੇ ਪੰਜਾਬੀਆਂ ਦੀ ਭਲਾਈ ਵਾਸਤੇ ਸਹੀ ਤਰੀਕੇ ਕੰਮ ਕਰਨਾ ਸ਼ੁਰੂ ਕਰਨਾ ਚਾਹੀਦਾ ਹੈ।


NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1





NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



RSFO
Ramgarhia Sikh Foundation of Ontario

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ॥
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਗੁਰੂ ਨਾਨਕ ਦੇਵ ਯੂਨੀਵਰਸਿਟੀ ’ਚ ਤਿੰਨ ਰੋਜ਼ਾ ਭਾਈ ਵੀਰ ਸਿੰਘ ਫਲਾਵਰ ਫੈਸਟੀਵਲ ਸ਼ੁਰੂ

* ਫੁੱਲਾਂ ਅਤੇ ਪੌਦਿਆਂ ਦੀਆਂ 500 ਐਂਟਰੀਆਂ ਦਰਜ * ਬਾਗਾਬਨੀ, ਜੈਵਿਕ ਖੇਤੀ, ਘਰੇਲੂ ਖੇਤੀ ਅਤੇ ਜੈਵਿਕ ਪਦਾਰਥਾਂ ਦੇ ਸਟਾਲ ਵੀ ਬਣੇ ਮੇਲੇ ਦੀ ਖਿੱਚ ਦਾ ਕੇਂਦਰ







ਅੰਮ੍ਰਿਤਸਰ, 14 ਦਸੰਬਰ (ਪੋਸਟ ਬਿਊਰੋ) - ਅੱਜ ਜਿਉਂ ਹੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਹੜੇ ਵਿਚ ਫੁੱਲਾਂ ਦੀ ਆਮਦ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦੇ ਸਾਹ-ਮਣੇ ਸ਼ੁਰੂ ਹੋਈ ਤਾਂ ਯੂਨੀਵਰਸਿਟੀ ਦੇ ਵਿਦਿਆਰਥੀ ਭੌਰਿਆਂ ਵਾਂਗ ਮੰਡਰਾਉਂਦੇ ਹੋਏ ਫੁੱਲਾਂ ਅਤੇ ਪੌਦਿਆਂ ਦੇ ਦਰਸ਼ਨ ਦਿਦਾਰੇ ਕਰਨ ਲਈ ਆ ਪਹੁੰਚੇ। ਭਾਂਤ ਭਾਂਤ ਰੰਗਾਂ ਦੀਆਂ ਗੁਲਦਾਉਦੀਆਂ ਚਮਕਦੀ ਨਿੱਘੀ ਧੁੱਪ ਵਿਚ ਇਸ ਤਰ੍ਹਾਂ ਖਿੜ ਰਹੀਆਂ ਸਨ ਜਿਸ ਤਰ੍ਹਾਂ ਭਾਈ ਵੀਰ ਸਿੰਘ ਕਾਵਿ ਅਨੁਸਾਰ ਨਿੱਕੇ ਨਿੱਕੇ ਚੰਦਰਮਾਂ ਧਰਤੀ ਉਪਰ ਉਤਰ ਆਏ ਹੋਣ। ਯੂਨੀਵਰਸਿਟੀ ਦੇ ਵਿਦਿਆਰਥੀ ਇਨ੍ਹਾਂ ਰੰਗ ਬਰੰਗੀਆਂ ਗੁਲਦਾਉਦੀਆਂ ਦੇ ਆਲੇ ਦੁਆਲੇ ਮੰਡਰਾ ਰਹੇ ਸਨ ਅਤੇ ਛੂਹ ਕੇ ਫੁੱਲਾਂ ਦੀ ਕੋਮਲਤਾ ਦਾ ਅਹਿਸਾਸ ਕਰ ਰਹੇ ਸਨ।

ਭਾਈ ਵੀਰ ਸਿੰਘ ਜੀ ਦੀ 150 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਇਸ ਭਾਈ ਵੀਰ ਸਿੰਘ ਫੁੱਲਾਂ ਤੇ ਪੌਦਿਆਂ ਦੇ ਮੇਲੇ ਨੂੰ ਵੇਖਣ ਲਈ ਕੁਦਰਤ ਪ੍ਰੇਮੀਆਂ ਦੀ ਆਵਾਜਾਈ ਸ਼ੁਰੂ ਹੋ ਗਈ ਹੈ। ਅੱਜ ਸਵੇਰ ਤੋਂ ਹੀ ਪੰਜਾਬ ਭਰ ਵਿਚੋਂ ਜਿਥੇ ਵੱਖ ਵੱਖ ਕਾਲਜਾਂ, ਸਕੂਲਾਂ, ਨਰਸਰੀਆਂ ਵਾਲਿਆਂ ਨੇ ਸੋਹਣੇ ਸੋਹਣੇ ਗਮਲਿਆਂ ਵਿਚ ਸਜੇ ਵੱਖ ਵੱਖ ਵੰਨਗੀਆਂ ਦੇ ਫੁੱਲਾਂ ਅਤੇ ਪੌਦਿਆਂ ਨੂੰ ਸਜਾਉਣਾ ਸ਼ੁਰੂ ਕਰ ਦਿੱਤਾ ਹੈ ਉਥੇ ਇਸ ਵਾਰ ਫੁੱਲਾਂ ਦੀ ਪ੍ਰਦਰਸ਼ਨੀ ਵਿਚ 'ਚ ਹੋਣ ਵਾਲੇ ਮੁਕਾਬਲਿਆਂ ਦੇ ਲਈ ਵਿਅਕਤੀਗਤ ਤੌਰ 'ਤੇ ਬਹੁਤ ਸਾਰੇ ਕੁਦਰਤ ਪ੍ਰੇਮੀਆਂ ਵੱਲੋਂ 500 ਐਂਟਰੀਆਂ ਦਰਜ ਕਰਵਾਈਆਂ ਗਈਆਂ ਜਿਨ੍ਹਾਂ ਵਿਚ 54 ਗੁਲਦਾਉਦੀਆਂ, 68 ਇਨਡੋਰ ਪਲਾਂਟ ਅਤੇ 54 ਕੈਕਟਸ ਐਂਟਰੀਆਂ ਤੋਂ ਇਲਾਵਾ 22 ਐਂਟਰੀਆਂ ਫੁੱਲਾਂ ਦੀਆਂ ਰੰਗੋਲੀਆਂ ਸ਼ਾਮਿਲ ਹਨ।

ਆਧੁਨਿਕ ਪੰਜਾਬੀ ਸਾਹਿਤ ਦੇ ਪਿਤਾਮਾ ਅਤੇ ਕੁਦਰਤ ਦੀਦਾਰ ਨਾਲ ਲਬਰੇਜ਼ ਹਸਤੀ, ਉਂਘੇ ਕਵੀ ਭਾਈ ਵੀਰ ਸਿੰਘ ਜੀ ਦੀਆਂ ਕਵਿਤਾਵਾਂ ਵੀ ਮੇਲੇ ਦਾ ਹਿੱਸਾ ਬਣੀਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦੇ ਵਿਹੜੇ ਵਿਚ ਲੱਗੇ ਇਸ ਫੁੱਲਾਂ ਦੇ ਮੇਲੇ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਚੌਗਿਰਦੇ ਨੂੰ ਹੋਰ ਮਹਿਕਣ ਲਾ ਦਿੱਤਾ ਹੈ। ਭਲਕੇ 15 ਦਸੰਬਰ ਨੂੰ ਇਸ ਦਾ ਵਿਧੀਵਤ ਤਰੀਕੇ ਦੇ ਨਾਲ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. ਜਸਪਾਲ ਸਿੰਘ ਸੰਧੂ ਦੁਪਹਿਰ 01 ਵਜੇ ਉਦਘਾਟਨ ਕਰਨਗੇ ਅਤੇ ਮਾਹਿਰਾਂ ਦੀਆਂ ਟੀਮਾਂ ਫੁੱਲਾਂ ਦੀਆਂ ਵੱਖ ਵੱਖ ਵੰਨਗੀਆਂ ਵਿਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲਿਆਂ ਦਾ ਐਲਾਨ ਕਰਨਗੇ। 16 ਦਸੰਬਰ ਨੂੰ ਮੇਲੇ ਦੇ ਆਖਰੀ ਦਿਨ ਪ੍ਰੋ. ਸੰਧੂ ਹੀ ਜੇਤੂਆਂ ਨੂੰ ਇਨਾਮ ਦੇਣਗੇ।

ਭਾਈ ਵੀਰ ਸਿੰਘ ਫੁੱਲਾਂ ਤੇ ਪੌਦਿਆਂ ਦੇ ਮੇਲੇ ਦੇ ਇੰਚਾਰਜ ਗੁਰਵਿੰਦਰ ਸਿੰਘ, ਲੈਂਡਸਕੇਪ ਅਫਸਰ ਅਤੇ ਡਾ. ਸੁਨੈਨਾ, ਸਹਾਇਕ ਪ੍ਰੋਫੈਸਰ, ਖੇਤੀਬਾੜੀ ਵਿਭਾਗ ਨੇ ਦੱਸਿਆ ਕਿ ਡਾ. ਜਸਵਿੰਦਰ ਸਿੰਘ ਬਿਲਗਾ, ਸਲਾਹਕਾਰ ਬਾਗਬਾਨੀ, ਜਿਨ੍ਹਾਂ ਨੇ ਵਾਈਸ ਚਾਂਸਲਰ ਪ੍ਰੋ. ਜਸਪਾਲ ਸਿੰਘ ਸੰਧੂ ਦੀ ਨਿੱਜੀ ਦਿਲਚਸਪੀ ਅਤੇ ਠੋਸ ਕਦਮਾਂ ਦੇ ਸਦਕਾ ਇਸ ਮੇਲੇ ਦੀ ਸਥਾਪਤੀ ਵਿਚ ਭਰਪੂਰਤਾ ਨਾਲ ਯੋਗਦਾਨ ਪਾਇਆ, ਦੇ ਪਾਏ ਪੂਰਨਿਆਂ ਨੂੰ ਅੱਗੇ ਵਧਾਉਂਦੇ ਹੋਏ ਕਾਰਜ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਵਾਈਸ ਚਾਂਸਲਰ, ਪ੍ਰੋ. ਡਾ. ਜਸਪਾਲ ਸਿੰਘ ਸੰਧੂ ਜੋ ਖੁਦ ਵਾਤਾਵਰਣ ਪ੍ਰਤੀ ਜਾਗਰਤੀ ਲਿਆਉਣ ਲਈ ਨਿੱਜੀ ਦਿਲਚਸਪੀ ਲੈਂਦੇ ਹਨ ਦੇ ਯਤਨਾਂ ਸਦਕਾ 2017 ਤੋਂ ਫੁੱਲਾਂ ਦੇ ਮੇਲੇ ਕਰਵਾਉਣ ਦਾ ਉਪਰਾਲਾ ਕੀਤਾ ਗਿਆ ਸੀ ਜਿਸ ਵਿਚ ਸਾਰੇ ਪੰਜਾਬ ਵਿਚੋਂ ਲੋਕ ਇਸ ਮੇਲੇ ਦਾ ਹਿੱਸਾ ਬਣਦੇ ਹਨ ਅਤੇ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਦੇ ਅਹਿਸਾਸ ਨੂੰ ਹੋਰ ਵੀ ਲੋਕਾਂ ਤਕ ਪੁਚਾਉਣ ਦਾ ਸੰਕਲਪ ਲੈ ਕੇ ਵਾਪਿਸ ਪਰਤਦੇ ਹਨ।

ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਕੈਂਪਸ ਨੂੰ ਹਰਿਆ ਭਰਿਆ ਕਰਨ ਦੇ ਲਈ ਵਚਨਬੱਧ ਹੈ ਇਸ ਤੋਂ ਇਲਾਵਾ ਲੋਕਾਂ ਵਿਚ ਵੀ ਜਾਗਰੂਕਤਾ ਲਿਆਉਣ ਦੇ ਮਕਸਦ ਨਾਲ ਹੀ ਯੂਨੀਵਰਸਿਟੀ ਵਿਚ ਹਰ ਸਾਲ ਦੋ ਫੁੱਲਾਂ ਦੇ ਮੇਲੇ ਲਗਾਏ ਜਾਂਦੇ ਹਨ ਅਤੇ ਆਪਣੇ ਵਾਤਾਵਰਣ ਨੂੰ ਪ੍ਰਦੂਸ਼ਣ ਤੋ ਬਚਾਉਣ, ਖੂਬਸੂਰਤੀ ਨੂੰ ਵਧਾਉਣ ਅਤੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਸਟਾਫ ਨੂੰ ਇਸ ਪਾਸੇ ਪ੍ਰੇਰਤ ਕਰਨ ਲਈ ਇਹ ਪ੍ਰਦਰਸ਼ਨੀ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਦੇ ਵਿਚ ਜਿਥੇ ਫੁੱਲਾਂ ਪੌਦਿਆਂ ਦੀ ਕਾਸ਼ਤ ਨੂੰ ਲੈ ਕੇ ਜਿਥੇ ਮਾਹਿਰਾਂ ਵੱਲੋਂ ਮੌਜੂਦਾਂ ਹਲਾਤਾਂ ਦੇ ਅਨੁਸਾਰ ਆਪਣੇ ਵਡਮੁੱਲੇ ਵਿਚਾਰ ਦਿੱਤੇ ਜਾਂਦੇ ਹਨ ਉਥੇ ਵੱਖ ਵੱਖ ਨਰਸਰੀਆਂ ਅਤੇ ਹੋਰ ਉਦਪਾਦਕਾਂ ਵੱਲੋਂ ਆਪੋ ਆਪਣੇ ਸਟਾਲ ਵੀ ਲਗਾਏ ਜਾਂਦੇ ਹਨ ਜਿਸ ਦੇ ਵਿਚ ਵੀ ਫੁੱਲਾਂ ਦੇ ਮੇਲੇ ਵਿਚ ਸ਼ਿਰਕਤ ਕਰਨ ਵਾਲੇ ਲੋਕ ਕਾਫੀ ਦਿਲਚਸਪੀ ਵਿਖਾਉਂਦੇ ਹਨ।

# ਬਰੁਕਫੀਲਡ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਪੌਸ਼ਟਿਕ ਬੇਕਿੰਗ ਕਰਨ ਦੇ ਹੁਨਰ ਸਿੱਖੇ





ਮੋਹਾਲੀ, 14 ਦਸੰਬਰ (ਪੋਸਟ ਬਿਊਰੋ) - ਬਰੁਕਫੀਲਡ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਇਸ ਦੇ ਕੈਂਪਸ ਵਿਚ ਪੌਸ਼ਟਿਕ ਅਤੇ ਸਿਹਤਮੰਦ ਕੇਕ ਪਕਾਉਣ ਦੇ ਹੁਨਰ ਸਿੱਖੇ।ਇਸ ਦੌਰਾਨ ਵਿਦਿਆਰਥੀਆਂ ਨੂੰ ਆਟੇ, ਫਲਾਂ, ਡ੍ਰਾਈਫਰੂਟ ਆਦਿ ਬਿਹਤਰੀਨ ਸਿਹਤ ਦੇ ਸਰੋਤ ਸੋਮਿਆਂ ਰਾਹੀਂ ਕੇਕ ਘਰ ਵਿਚ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ । ਇਸ ਦੌਰਾਨ ਜੂਨੀਅਰ ਕਲਾਸਾਂ ਦੇ ਵਿਦਿਆਰਥੀਆਂ ਨੂੰ ਬਜਾਰੀ ਵਸਤੂਆਂ ਖ਼ਰੀਦਣ ਦੀ ਥਾਂ ਆਪਣੇ ਮਾਤਾ ਪਿਤਾ ਨਾਲ ਸਵਾਦਿਸ਼ਟ ਕੇਕ ਬਣਾਉਣ ਦੇ ਤਰੀਕੇ ਦੱਸਦੇ ਹੋਏ ਬਜਾਰੀ ਕੇਕ ਦੇ ਸਿਹਤ ਨੂੰ ਹੋਣ ਵਾਲੇ ਨੁਕਸਾਨਾਂ ਪ੍ਰਤੀ ਵੀ ਸੁਚੇਤ ਕੀਤਾ ਗਿਆ। ਬੱਚਿਆਂ ਨੇ ਕੇਕ ਬਣਾਉਣ ਦੀਆਂ ਵੀਡੀਉਜ਼ ਦੇਖ ਕੇ ਵੀ ਮਸਤੀ ਨਾਲ ਦਿਨ ਦਾ ਆਨੰਦ ਮਾਣਿਆ। ਮਾਨਵ ਸਿੰਗਲਾ ਡਾਇਰੈਕਟਰ ਬਰੁਕਫੀਲਡ ਇੰਟਰਨੈਸ਼ਨਲ ਸਕੂਲ ਨੇ ਇਸ ਸਮੇਂ ਕਿਹਾ ਕਿ ਮਨਪਸੰਦ ਹੁਨਰ ਸਿੱਖਣਾ ਜ਼ਿੰਦਗੀ ਵਿਚ ਹਮੇਸ਼ਾ ਮਦਦਗਾਰ ਹੁੰਦਾ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਜੇਕਰ ਬੱਚਿਆਂ ਅੰਦਰ ਛੋਟੀ ਉਮਰੇ ਹੀ ਤੰਦਰੁਸਤੀ ਭਰਿਆ ਜੀਵਨ ਜਿਊਣ ਦੀ ਕਲਾ ਭਰ ਦਿਤੀ ਜਾਵੇ ਤਾਂ ਉਹ ਤਮਾਮ ਉਮਰ ਚੱਲਦੀ ਹੈ। ਇਸੇ ਗੱਲ ਨੂੰ ਧਿਆਨ ਵਿਚ ਰੱਖਦੇ ਹੋਏ ਬੱਚਿਆਂ ਦੇ ਸਵਾਦ ਅਨੁਸਾਰ ਸਮੇਂ ਸਮੇਂ ਤੇ ਬੱਚਿਆਂ ਨੂੰ ਬਜਾਰੀ ਵਸਤਾਂ ਤੋਂ ਪਰਹੇਜ਼ ਕਰਦੇ ਹੋਏ ਘਰ ਵਿਚ ਹੀ ਸਿਹਤਮੰਦ ਅਤੇ ਸਵਾਦੀ ਚੀਜ਼ਾਂ ਬਣਾਉਣਾ ਸਿਖਾਇਆ ਜਾਂਦਾ ਹੈ।

## CHANGE OF NAME

I, **Kamalpreet Kaur Dhillon** daughter of Jaswinder Singh Gill, **resident of Village- Markhai, Tehsil Zira, Distt. Ferozepur, 142047, Punjab, India and presently residing at 383 Robert Parkinson Drive, Brampton, ON L7A4B8**, do hereby change my name from **Kamalpreet Kaur Dhillon to Prachi Sharma,** with immediate effect. Henceforth, I shall be known as **Prachi Sharma** for all purposes.







## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422, ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜ਼ਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746


ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਕੇਅਰ ਗਿਵਰ ਦੀ ਲੋੜ

ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **‘PR’** ਲਈ ਮੱਦਦ ਕੀਤੀ ਜਾਵੇਗੀ। Location ‘Winnipeg, MB’ ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:



**204-333-9000, 416-818-3777**



## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com












## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

## ਚਿੱਲੀ ਵਿਚ ਜੰਗਲ ਦੀ ਅੱਗ ਹੋਈ ਬੇਕਾਬੂ, ਸਥਾਨਕ ਲੋਕਾਂ ਦੇ ਘਰ ਸੜੇ



ਚਿਲੀ, 14 ਦਸੰਬਰ (ਪੋਸਟ ਬਿਊਰੋ)- ਚਿਲੀ ਦੇ ਮੈਟਰੋਪੋਲੀਟਨ ਇਲਾਕੇ ਵਿਚ ਜੰਗਲਾਂ ਵਿਚ ਅੱਗ ਲੱਗਣ ਕਾਰਣ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ ਪੰਜ ਜਖਮੀ ਹੋ ਗਏ, ਜਦਕਿ 46 ਘਰ ਸੜ ਕੇ ਸੁਆਹ ਹੋ ਗਏ। ਗ੍ਰਹਿ ਅਤੇ ਜਨਤਕ ਸੁਰੱਖਿਆ ਮੰਤਰਾਲੇ ਦੇ ਰਾਸ਼ਟਰੀ ਐਮਰਜੈਂਸੀ ਦਫ਼ਤਰ (ਓਨੇਮੀ) ਨੇ ਮੰਗਲਵਾਰ ਨੂੰ ਕਿਹਾ ਕਿ ਰਾਜਧਾਨੀ ਸੈਂਟੀਆਗੋ ਤੋਂ ਲਗਭਗ 70 ਕਿਲੋਮੀਟਰ ਦੱਖਣ-ਪੱਛਮ ਵਿਚ ਸਥਿਤ ਇੱਕ ਪੇਂਡੂ ਖੇਤਰ ਮੇਲਿਪਿਲਾ ਕਮਿਊਨ ਵਿਚ 11 ਦਸੰਬਰ ਨੂੰ ਅੱਗ ਲੱਗਣ ਦੀ ਸੂਚਨਾ ਮਿਲੀ ਸੀ ਅਤੇ ਇਸ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਜਾਰੀ ਸਨ। ਇਸ ਦੇ ਬਾਵਜੂਦ ਅਜੇ ਤੱਕ ਇਸ ਨੂੰ ਕਾਬੂ ਨਹੀਂ ਕੀਤਾ ਜਾ ਸਕਿਆ ਹੈ।

ਅੱਗ ਕਾਰਣ ਕਰੀਬ 184 ਲੋਕ ਬੇਘਰ ਹੋ ਗਏ ਹਨ। ਮੈਡੀਕਲ ਅਧਿਕਾਰੀਆਂ ਨੇ ਸਥਾਨਕ ਮੀਡੀਆ ਨੂੰ ਦੱਸਿਆ ਕਿ ਜਖਮੀਆਂ ਵਿਚ ਇਕ 67 ਸਾਲਾ ਔਰਤ ਵੀ ਸ਼ਾਮਲ ਹੈ, ਜਿਸ ਦੇ ਸਰੀਰ ਦਾ 11 ਫੀਸਦੀ ਹਿੱਸਾ ਸੜ ਗਿਆ ਸੀ।

## ਟਰਾਂਸਪੋਰਟ ਮੰਤਰੀ ਵਲੋਂ ਸੜਕ ਹਾਦਸਿਆਂ ਵਿੱਚ ਮੌਤ ਦਰ 50 ਫ਼ੀਸਦੀ ਘੱਟ ਕਰਨ ਦਾ ਟੀਚਾ

* ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ ਦੀ ਅਹਿਮ ਮੀਟਿੰਗ ਦੌਰਾਨ ਸਮੂਹ ਵਿਭਾਗਾਂ ਨੂੰ ਸੜਕ ਸੁਰੱਖਿਆ ਮਾਪਦੰਡਾਂ ਯਕੀਨੀ ਬਣਾਉਣ ਦੀ ਹਦਾਇਤ * ਸੜਕ ਹਾਦਸਿਆਂ ਦੇ ਜ਼ਖ਼ਮੀਆਂ ਦੀ ਮਦਦ ਕਰਨ ਵਾਲਿਆਂ ਨੂੰ ਗਣਤੰਤਰ ਦਿਵਸ ਮੌਕੇ ਸਨਮਾਨਤ ਕਰਨ ਲਈ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੜਕ ਹਾਦਸਿਆਂ ਵਿੱਚ ਹੋ ਰਹੀਆਂ ਮੌਤਾਂ ਦੀ ਦਰ 50 ਫ਼ੀਸਦੀ ਘੱਟ ਕਰਨ ਲਈ ਸਬੰਧਤ ਵਿਭਾਗਾਂ ਨੂੰ ਟੀਚਾ ਦਿੱਤਾ ਹੈ।ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ ਦੀ ਅਹਿਮ ਮੀਟਿੰਗ ਦੀ ਪ੍ਰਧਾਨਗੀ ਕੈਬਨਿਟ ਮੰਤਰੀ ਨੇ ਕਿਹਾ ਕਿ ਕੁੱਝ ਸਮਾਂ ਪਹਿਲਾਂ ਮੀਟਿੰਗ ਦੌਰਾਨ ਸੜਕ ਸੁਰੱਖਿਆ ਮਾਪਦੰਡਾਂ ਬਾਰੇ ਸੁਝਾਅ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਭਾਗ ਨੂੰ ਸੜਕ ਹਾਦਸਿਆਂ ਵਿੱਚ ਅਜਾਈਂ ਜਾ ਰਹੀਆਂ ਮੌਤਾਂ ਨੂੰ ਘੱਟ ਕਰਨ 'ਤੇ ਜ਼ੋਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਰੋਜ਼ਾਨਾ 14 ਮੌਤਾਂ ਹੋ ਰਹੀਆਂ ਹਨ, ਜਿਨ੍ਹਾਂ 'ਤੇ ਮੁੱਖ ਮੰਤਰੀ ਨੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਸੀ ਕਿ ਇਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਘੱਟ ਕਰਨ ਦੇ ਕਾਰਜ ਕੀਤੇ ਜਾਣ। ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਤੇਜ਼ ਅਤੇ ਆਧੁਨਿਕ ਐਮਰਜੈਂਸੀ ਦੇਖਭਾਲ ਸਹੂਲਤਾਂ ਰਾਹੀਂ 10 ਵਿੱਚੋਂ 3 ਜਾਨਾਂ ਨੂੰ ਸਿੱਧੇ ਤੌਰ 'ਤੇ ਬਚਾਇਆ ਜਾ ਸਕਦਾ ਹੈ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਐਮਰਜੈਂਸੀ ਅਤੇ ਟਰੌਮਾ ਦੇਖਭਾਲ ਸਹੂਲਤਾਂ ਨੂੰ ਹੋਰ ਦਰੁਸਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਲੈਵਲ-2 ਦੇ ਪੰਜ ਟਰੌਮਾ ਕੇਅਰ ਸੈਂਟਰ ਖੰਨਾ, ਜਲੰਧਰ, ਪਠਾਨਕੋਟ, ਫ਼ਿਰੋਜ਼ਪੁਰ ਅਤੇ ਫ਼ਾਜ਼ਿਲਕਾ ਵਿਖੇ ਬਣੇ ਹੋਏ ਹਨ, ਜਿਥੇ ਸਟਾਫ਼ ਦੀ ਕਮੀ ਪੂਰੀ ਹੋਣ ਨਾਲ ਸੜਕ ਹਾਦਸਿਆਂ ਵਿੱਚ ਮੌਤ ਦਰ ਘੱਟ ਕਰਨ ਦੀ ਦਿਸ਼ਾ ਵਿੱਚ ਮਦਦ ਮਿਲ ਸਕਦੀ ਹੈ।



ਇਸ ਤੋਂ ਇਲਾਵਾ ਇਹ ਫ਼ੈਸਲਾ ਵੀ ਲਿਆ ਗਿਆ ਕਿ ਰਾਜ ਵਿੱਚ ਚਾਲੂ ਸਾਰੀਆਂ ਐਂਬੂਲੈਂਸਾਂ ਜਿਵੇਂ ਐਨ.ਐਚ.ਏ.ਆਈ (1033), ਟਰਾਂਸਪੋਰਟ ਵਿਭਾਗ (112), ਸਿਹਤ ਵਿਭਾਗ (108) ਆਦਿ ਨੂੰ ਇੱਕ ਐਪ ਰਾਹੀਂ ਇੱਕ ਪਲੇਟਫ਼ਾਰਮ 'ਤੇ ਲਿਆ ਕੇ ਪਬਲਿਕ ਫ਼ਰੈਂਡਲੀ ਬਣਾਇਆ ਜਾਵੇਗਾ।

ਇਸੇ ਤਰ੍ਹਾਂ ਮੰਤਰੀ ਨੇ ਭਾਰਤੀ ਕੌਮੀ ਰਾਜ ਮਾਰਗ ਅਥਾਰਿਟੀ (ਐਨ.ਐਚ.ਏ.ਆਈ.), ਲੋਕ ਨਿਰਮਾਣ ਵਿਭਾਗ, ਪੰਜਾਬ ਮੰਡੀ ਬੋਰਡ ਅਤੇ ਸਥਾਨਕ ਸਰਕਾਰਾਂ ਵਿਭਾਗਾਂ ਨੂੰ ਆਪਣੇ ਅਧੀਨ ਆਉਂਦੀਆਂ ਵੱਧ ਹਾਦਸਿਆਂ ਵਾਲੀਆਂ ਥਾਵਾਂ (ਬਲੈਕ ਸਪਾਟਸ) ਨੂੰ ਤਰਜੀਹੀ ਤੌਰ 'ਤੇ ਦਰੁਸਤ ਕਰਨ ਦੇ ਵੀ ਆਦੇਸ਼ ਦਿੱਤੇ। ਇਹ ਵੀ ਫ਼ੈਸਲਾ ਲਿਆ ਗਿਆ ਕਿ ਇਨ੍ਹਾਂ ਸਬੰਧਤ ਵਿਭਾਗਾਂ ਦੇ ਸਿਵਲ ਇੰਜੀਨੀਅਰਾਂ ਨੂੰ 15 ਦਿਨਾਂ ਦਾ ਵਿਸ਼ੇਸ਼ ਸਿਖਲਾਈ ਕੋਰਸ ਕਰਵਾਇਆ ਜਾਵੇਗਾ।ਮੀਟਿੰਗ ਦੌਰਾਨ ਇਹ ਫ਼ੈਸਲਾ ਵੀ ਲਿਆ ਗਿਆ ਕਿ ਸੜਕਾਂ ਨਾਲ ਸਬੰਧਤ ਸਾਰੀਆਂ ਏਜੰਸੀਆਂ ਜਿਵੇਂ ਐਨ.ਐਚ.ਏ.ਆਈ., ਲੋਕ ਨਿਰਮਾਣ ਵਿਭਾਗ, ਪੰਜਾਬ ਮੰਡੀ ਬੋਰਡ ਅਤੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ, ਖ਼ਾਸ ਕਰਕੇ ਸੜਕ ਦੇ ਦੁਰਘਟਨਾ ਪ੍ਰਭਾਵਿਤ ਖੇਤਰਾਂ ਅਤੇ ਹਾਈਵੇਜ਼ ਦੇ ਐਂਟਰੀ ਅਤੇ ਐਗਜ਼ਿਟ ਥਾਵਾਂ 'ਤੇ ਅਗਲੇ 2 ਮਹੀਨਿਆਂ ਦੌਰਾਨ ਬੋਰਡ ਲਾਏ ਜਾਣਗੇ। ਦੋ ਮਹੀਨਿਆਂ ਉਪਰੰਤ ਇਸ ਸਬੰਧੀ ਕੀਤੀ ਕਾਰਵਾਈ ਦੀ ਟਰਾਂਸਪੋਰਟ ਮੰਤਰੀ ਖ਼ੁਦ ਸਮੀਖਿਆ ਕਰਨਗੇ।

## ਵੜਿੰਗ ਨੇ ਪਿਛਲੀ ਕਾਂਗਰਸ ਸਰਕਾਰ ਤਰਫੋਂ ਪ੍ਰਾਈਵੇਟ ਟਰਾਂਸਪੋਰਟਰਾਂ ਨੂੰ ਲਾਭ ਦਿੱਤੇ ਜਾਣ ਦੇ ਟਰਾਂਸਪੋਰਟ ਮੰਤਰੀ ਦੇ ਦਾਅਵਿਆਂ ਦਾਅਵਿਆਂ ਨੂੰ ਸਿਰੇ ਤੋਂ ਨਕਾਰਿਆ

ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪਿਛਲੀ ਕਾਂਗਰਸ ਸਰਕਾਰ ਤਰਫੋਂ ਪ੍ਰਾਈਵੇਟ ਟਰਾਂਸਪੋਰਟਰਾਂ ਨੂੰ ਲਾਭ ਦਿੱਤੇ ਜਾਣ ਦੇ ਦਾਅਵਿਆਂ ਨੂੰ ਸਿਰੇ ਤੋਂ ਨਕਾਰਿਆ ਹੈ।



ਭੁੱਲਰ ਦੇ ਦੋਸ਼ਾਂ ਦਾ ਜਵਾਬ ਦਿੰਦਿਆਂ, ਪਿਛਲੀ ਕਾਂਗਰਸ ਸਰਕਾਰ ਵਿੱਚ ਟਰਾਂਸਪੋਰਟ ਮੰਤਰੀ ਰਹੇ ਵੜਿੰਗ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਦੀ ਪਾਰਟੀ ਦੀ ਸਰਕਾਰ ਨੇ ਸਰਕਾਰੀ ਟਰਾਂਸਪੋਰਟ ਦੇ ਹਿੱਤ ਵਿੱਚ ਸਾਰੇ ਰੂਟ ਵਾਪਸ ਲੈ ਲਏ ਸਨ। ਇਸ ਸਬੰਧੀ ਉਨ੍ਹਾਂ ਦਸਤਾਵੇਜ਼ ਵੀ ਪੇਸ਼ ਕੀਤੇ।

ਪ੍ਰਾਈਵੇਟ ਟਰਾਂਸਪੋਰਟਰਾਂ ਵੱਲੋਂ ਚੰਡੀਗੜ੍ਹ ਲਈ ਬੱਸਾਂ ਚਲਾਉਣ ਬਾਰੇ ਵੜਿੰਗ ਨੇ ਕਿਹਾ ਕਿ ਇਸ ਨੀਤੀ ਲਈ ਕੇਂਦਰ ਸਰਕਾਰ ਤੋਂ ਮਨਜ਼ੂਰੀ ਲੈਣੀ ਪੈਂਦੀ ਸੀ। ਕਿਉਂਕਿ ਇਸ ਨਾਲ ਸਭ ਤੋਂ ਵੱਧ ਬਾਦਲਾਂ ਦੀ ਟਰਾਂਸਪੋਰਟ ਪ੍ਰਭਾਵਿਤ ਹੋਣੀ ਸੀ, ਜਿਨ੍ਹਾਂ ਦਾ ਕੇਂਦਰ ਵਿੱਚ ਭਾਜਪਾ ਨਾਲ ਗਠਜੋੜ ਸੀ, ਜਿਸ ਕਾਰਨ ਉਨ੍ਹਾਂ ਨੇ ਕੇਂਦਰ ਤੋਂ ਇਸ ਨੀਤੀ ਨੂੰ ਮਨਜ਼ੂਰੀ ਨਹੀਂ ਮਿਲਣ ਦਿੱਤੀ।

ਸੂਬਾ ਕਾਂਗਰਸ ਪ੍ਰਧਾਨ ਨੇ ਭੁੱਲਰ ਤੋਂ ਪੁੱਛਿਆ ਕਿ ਕਿਹੜੀ ਸਰਕਾਰ ਜਾਂ ਕਿਸ ਮੰਤਰੀ ਨੇ ਰੂਟਾਂ ਦੇ ਵਧੇ ਪਰਮਿਟ ਰੱਦ ਕਰਕੇ ਸਰਕਾਰੀ ਖਜ਼ਾਨੇ ਵਿੱਚ ਵਾਧਾ ਕੀਤਾ ਸੀ। ਜਦੋਂ ਕਿ ਵੜਿੰਗ ਦੇ ਕਾਰਜਕਾਲ ਦੌਰਾਨ ਟਰਾਂਸਪੋਰਟ 'ਤੇ ਟੈਕਸ ਚੋਰੀ ਕਰਨ ਵਾਲਿਆਂ ਨੂੰ ਉਸਦੀ ਅਦਾਇਗੀ ਕਰਨੀ ਪਈ ਸੀ।

ਉਨ੍ਹਾਂ ਨੇ ਭੁੱਲਰ ਨੂੰ ਦਿੱਲੀ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਸਰਕਾਰ ਦੀਆਂ ਬੱਸਾਂ ਨੂੰ ਦਿੱਲੀ ਏਅਰਪੋਰਟ ਤੱਕ ਜਾਣ ਦੀ ਇਜਾਜ਼ਤ ਨਾ ਦੇਣ ਦਾ ਵੀ ਚੇਤਾ ਕਰਵਾਇਆ, ਜਿਸਦੇ ਕਾਰਨਾਂ ਤੋਂ ਲੋਕ ਚੰਗੀ ਤਰ੍ਹਾਂ ਜਾਣੂ ਹਨ। ਜਿਸ ਨੀਤੀ ਤੋਂ ਬਾਦਲਾਂ ਨੂੰ ਸਿੱਧਾ ਫਾਇਦਾ ਹੋਇਆ ਸੀ।

## ਵਿੱਤ ਮੰਤਰੀ ਚੀਮਾ ਨੇ 28 ਸੈਕਸ਼ਨ ਅਫਸਰਾਂ ਨੂੰ ਨਿਯੁਕਤੀ ਪੱਤਰ ਸੌਂਪੇ

* ਕਿਹਾ, ਸੈਕਸ਼ਨ ਅਫਸਰਾਂ ਦੀਆਂ ਖਾਲੀ ਪਈਆਂ ਹੋਰਨਾਂ ਆਸਾਮੀਆਂ ਲਈ ਭਰਤੀ ਪ੍ਰਕ੍ਰਿਆ ਅਧੀਨ



ਚੰਡੀਗੜ੍ਹ, 14 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਵਿੱਤ ਤੇ ਯੋਜਨਾ ਭਵਨ ਵਿਖੇ ਇੱਕ ਸੰਖੇਪ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵਿੱਤ ਵਿਭਾਗ ਦੇ 28 ਸੈਕਸ਼ਨ ਅਫਸਰਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਜਬੂਤ ਵਿਤੀ ਪ੍ਰਬੰਧਨ ਅਤੇ ਮੁਲਾਜਮ ਪੱਖੀ ਫੈਸਲੇ ਲੈਂਦੇ ਹੋਏ ਵੈਲਫੇਅਰ ਦੀਆਂ ਨੀਤੀਆਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਬਚਨਵੱਧ ਹੈ। ਉਨ੍ਹਾਂ ਕਿਹਾ ਕਿ ਪ੍ਰਭਾਵੀ ਵਿਤੀ ਪ੍ਰਬੰਧਨ ਤੇ ਭਲਾਈ ਸਕੀਮਾਂ ਦੇ ਖਰਚਿਆਂ ਦੀ ਸਹੀ ਢੰਗ ਨਾਲ ਦੇਖਰੇਖ ਕਰਨ ਲਈ ਨਵ-ਨਿਯੁਕਤ ਸੈਕਸ਼ਨ ਅਫਸਰਾਂ ਦੀ ਵੱਖ-ਵੱਖ ਵਿਭਾਗਾਂ ਵਿੱਚ ਤੈਨਾਤੀ ਕੀਤੀ ਜਾਵੇਗੀ।

ਵਿੱਤ ਮੰਤਰੀ ਨੇ ਕਿਹਾ ਕਿ ਇਸੇ ਲੜੀ ਵਿੱਚ ਐਸ.ਏ.ਐਸ. ਕਾਡਰ ਵਿੱਚ ਨਿਯੁਕਤੀਆਂ ਸਬੰਧੀ ਕੰਮ ਨੂੰ ਸਮਾਂਬੱਧ ਤਰੀਕੇ ਨਾਲ ਪੂਰਾ ਕਰਨ ਲਈ ਐਸ.ਏ.ਐਸ. ਪ੍ਰੀਖਿਆ ਦੀ ਅਧਿਸੂਚਨਾ ਅਤੇ ਪੀ.ਪੀ.ਐਸ.ਸੀ. ਰਾਹੀਂ ਸਿੱਧੀ ਭਰਤੀ ਦਾ ਇਸਤਿਹਾਰ ਜਾਰੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਇਸ ਪ੍ਰਕਿਆ ਤਹਿਤ ਸੈਕਸ਼ਨ ਅਫਸਰਾਂ ਦੀਆਂ ਖਾਲੀ ਪਈਆਂ ਹੋਰਨਾਂ ਆਸਾਮੀਆਂ ਨੂੰ ਵੀ ਜਲਦੀ ਤੋਂ ਜਲਦੀ ਭਰਿਆ ਜਾਵੇਗਾ।

ਚੀਮਾ ਨੇ ਕਿਹਾ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਆਪਣੇ ਮਿਸ਼ਨ ਤਹਿਤ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਆਸਾਮੀਆਂ ਨੂੰ ਪਹਿਲ ਦੇ ਆਧਾਰ ਤੇ ਭਰਨ ਦੀ ਤਰਜੀਹ ਦਿੱਤੀ ਜਾ ਰਹੀ ਹੈ ਜਿੰਨ੍ਹਾਂ ਦਾ ਸਿੱਧਾ ਸਬੰਧ ਆਮ ਲੋਕਾਂ ਨੂੰ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਕੰਮਕਾਜ ਵਿੱਚ ਪਾਰਦਰਸ਼ਤਾ ਲਿਆਉਣਾ ਹੈ। ਇਸ ਮੌਕੇ ਵਿੱਤ ਮੰਤਰੀ ਵੱਲੋਂ ਸਮੂਹ ਨਵ-ਨਿਯੁਕਤ ਸੈਕਸ਼ਨ ਅਫਸਰਾਂ ਨੂੰ ਸਰਕਾਰੀ ਖਜਾਨੇ ਤੇ ਹਰਪੱਖੋਂ ਨਜਰਸ਼ਾਨੀ ਕਰਦੇ ਹੋਏ ਈਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦੀ ਹਦਾਇਤ ਵੀ ਕੀਤੀ ਗਈ।

ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਸਕੱਤਰ (ਖਰਚਾ) ਮੁਹੰਮਦ ਤਾਇਬ ਅਤੇ ਵਧੀਕ ਡਾਇਰੈਕਟਰ (ਖਜਾਨਾ ਤੇ ਲੇਖਾ) ਸਿਮਰਜੀਤ ਕੌਰ ਵੀ ਹਾਜਰ ਸਨ।


## Public Notice

Region of Peel
working with you

### Notice to members of the public wishing to serve on the Regional Municipality of Peel Police Services Board

The Regional Municipality of Peel invites applications from members of the public who are interested in serving as a Citizen Appointee to the Peel Regional Police Services Board (PPSB) for a term ending November 14, 2026, or until a successor is appointed by Regional Council.

The PPSB is responsible for the provisions of police services, law enforcement and crime prevention within Peel region.

**Minimum eligibility requirements:**

A candidate shall be a resident of the Peel region or the owner or tenant of land in the Peel region, or spouse of such person; and a Canadian citizen at least 18 years of age.

A candidate shall not be a member of the Legislative Assembly, the Senate or House of Commons; an elected official of Council; a member of Regional Council; a crown employee; an employee of a municipality; a judge, or justice of the peace; otherwise disqualified from holding office or voting; a police officer; and a person who practices criminal law as a defence counsel.

**Preferred qualifications:**

Have skills or leadership in a business or a profession which demonstrate ability to work effectively as a member of a board; have demonstrated history of community service; be of good character (candidates will be required to provide, as a condition of appointment, confirmation that they do not have a criminal record for which a pardon has not been granted); have specific knowledge or experience which may be an asset to the Board (e.g., finance or human resources); have ability to devote up to 20 hours per month to PPSB matters, including availability during normal business hours.

Information regarding the PPSB, including the meeting schedule and the *Police Services Act* and Members of Police Services Boards Code of Conduct is available at **peelpoliceboard.ca**

Visit the Region of Peel website to apply: peelregion.ca/news/notices/2022

Application deadline: **January 4, 2023 at 4:30 p.m.**

Only those selected for an interview will be contacted. Interviews of selected applicants will take place in early 2023.


## ਕਾਂਗੋ ਵਿਚ ਭਾਰੀ ਮੀਂਹ ਨਾਲ ਆਇਆ ਹੜ੍ਹ, ਸੜਕਾਂ ਟੁੱਟੀਆਂ, 141 ਲੋਕਾਂ ਦੀ ਮੌਤ



ਕਿਨਸ਼ਾਸਾ, 14 ਦਸੰਬਰ (ਪੋਸਟ ਬਿਊਰੋ)- ਅਫਰੀਕੀ ਦੇਸ਼ ਕਾਂਗੋ ਦੀ ਰਾਜਧਾਨੀ ਕਿਨਸ਼ਾਸਾ ਦੇ ਬਾਹਰੀ ਜ਼ਿਲਿਆਂ ਵਿਚ ਸੋਮਵਾਰ ਦੇਰ ਰਾਤ ਤੋਂ ਮੰਗਲਵਾਰ ਤੜਕੇ ਤੱਕ ਭਾਰੀ ਮੀਂਹ ਕਾਰਣ ਆਏ ਹੜ੍ਹਾਂ ਅਤੇ ਜ਼ਮੀਨ ਖਿਸਕਣ ਕਾਰਣ ਘੱਟੋ-ਘੱਟ 141 ਲੋਕਾਂ ਦੀ ਮੌਤ ਹੋ ਗਈ। ਇਹ ਅੰਕੜਾ ਸਥਾਨਕ ਅਧਿਕਾਰੀਆਂ ਨੇ ਮੰਗਲਵਾਰ ਦੇਰ ਰਾਤ ਜਨਤਕ ਕੀਤਾ ਹੈ। ਕਿਨਸ਼ਾਸਾ ਸੂਬਾਈ ਜਨ ਸਿਹਤ ਮੰਤਰਾਲੇ ਦੇ ਇਕ ਬਿਆਨ ਅਨੁਸਾਰ ਭਾਰੀ ਮੀਂਹ ਕਾਰਣ 141 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 38,787 ਘਰ ਡੁੱਬ ਗਏ। ਉੱਥੇ ਕਰੀਬ 280 ਘਰ ਢਹਿ ਗਏ।

ਅਧਿਕਾਰੀਆਂ ਨੇ ਦੱਸਿਆ ਕਿ ਮੀਂਹ ਨੇ ਐੱਨ.ਐੱਚ.-1 ਨੂੰ ਵੀ ਨੁਕਸਾਨ ਪਹੁੰਚਾਇਆ, ਜੋ ਕਿਨਸ਼ਾਸਾ ਨੂੰ ਮਤਾਦੀ ਦੇ ਬੰਦਰਗਾਹ ਸ਼ਹਿਰ ਨਾਲ ਜੋੜਦਾ ਹੈ। ਇਹ ਇਕ ਰੁਝੇਵੇਂ ਵਾਲਾ ਰਸਤਾ ਹੈ ਅਤੇ ਇਸ ਕਾਰਣ ਮਾਂਟ-ਨਗਾਫੁੱਲਾ ਜ਼ਿਲਿਆਂ ਦਾ ਸੰਪਰਕ ਕੱਟਿਆ ਗਿਆ ਹੈ।

## ਐਂਬੂਲੈਂਸ ਵਿਚ ਲਿਜਾ ਰਹੇ ਸਨ 39 ਕਰੋੜ ਰੁਪਏ ਦੀਆਂ ਯਾਬਾ ਗੋਲੀਆਂ ਤੇ ਹੈਰੋਇਨ, 3 ਗ੍ਰਿਫ਼ਤਾਰ

ਗੁਹਾਟੀ, 14 ਦਸੰਬਰ (ਪੋਸਟ ਬਿਊਰੋ)- ਅਸਮ ਦੇ ਗੁਹਾਟੀ ਵਿਚ ਇੱਕ ਐਂਬੂਲੈਂਸ ਅਤੇ ਕਰੀਮਗੰਜ ਜ਼ਿਲ੍ਹੇ ਵਿੱਚ ਬੁੱਧਵਾਰ ਤੜਕੇ ਇੱਕ ਹੋਰ ਵਾਹਨ ਵਿੱਚੋਂ 39 ਕਰੋੜ ਰੁਪਏ ਦੇ ਨਸ਼ੀਲੇ ਪਦਾਰਥ ਜਬਤ ਕੀਤੇ ਗਏ। ਇਸ ਸਬੰਧ ਵਿਚ ਤਿੰਨ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਪੁਲਿਸ ਦੇ ਸੰਯੁਕਤ ਕਮਿਸ਼ਨਰ ਪਾਰਥ ਸਾਰਥੀ ਮਹੰਤ ਨੇ ਦੱਸਿਆ ਕਿ ਇੱਕ ਖੁਫੀਆ ਸੂਚਨਾ ਦੇ ਆਧਾਰ 'ਤੇ ਪੁਲਿਸ ਟੀਮ ਨੇ ਹੇਂਗੜਾਬਾੜੀ ਖੇਤਰ ਦੇ ਇੱਕ ਅਪਾਰਟਮੈਂਟ ਦੇ ਪਾਰਕਿੰਗ ਖੇਤਰ ਵਿਚ ਖੜ੍ਹੀ ਮਣੀਪੁਰ ਰਜਿਸਟ੍ਰੇਸਨ ਨੰਬਰ ਵਾਲੀ ਐਂਬੂਲੈਂਸ ਦੀ ਤਲਾਸ਼ੀ ਲਈ।

ਵਾਹਨ ਦੀ ਡੂੰਘਾਈ ਨਾਲ ਤਲਾਸ਼ੀ ਲੈਣ ਤੋਂ ਬਾਅਦ 50 ਹਜ਼ਾਰ ਯਾਬਾ ਦੀਆਂ ਗੋਲੀਆਂ ਅਤੇ 200 ਗ੍ਰਾਮ ਹੈਰੋਇਨ ਮਿਲੀ। ਡਰੱਗ ਦੀ ਕੀਮਤ ਕਰੀਬ 14.1 ਕਰੋੜ ਰੁਪਏ ਹੋਵੇਗੀ। ਮਹੰਤ ਨੇ ਕਿਹਾ ਕਿ ਰਾਜ ਵਿਚ ਇਹ ਪਹਿਲੀ ਵਾਰ ਹੈ ਕਿ ਐਂਬੂਲੈਂਸ ਰਾਹੀਂ ਨਸ਼ਿਆਂ ਦੀ ਤਸਕਰੀ ਕੀਤੀ ਗਈ ਹੈ ਅਤੇ ਇਹ ਐਂਬੂਲੈਂਸ ਮਨੀਪੁਰ ਤੋਂ ਸੂਬੇ ਵਿਚ ਦਾਖਲ ਹੋਣ ਤੋਂ ਬਾਅਦ ਕਈ ਪੁਲਿਸ ਚੌਕੀਆਂ ਨੂੰ ਬਾਈਪਾਸ ਕਰਦੀ ਹੈ। ਉਨ੍ਹਾਂ ਦੱਸਿਆ ਕਿ ਮੇਘਾਲਿਆ ਤੋਂ ਇੱਕ ਵਿਅਕਤੀ ਨੂੰ ਨਸੀਲੇ ਪਦਾਰਥਾਂ ਦੀ ਤਸਕਰੀ ਵਿੱਚ ਭੂਮਿਕਾ ਦੇ ਦੋਸ ਵਿਚ ਗ੍ਰਿਫਤਾਰ ਕੀਤਾ ਗਿਆ ਹੈ।



ਇੱਕ ਅੰਤਰ-ਰਾਜੀ ਡਰੱਗ ਕਾਰਟੈਲ ਦੁਆਰਾ ਭੇਜੀ ਗਈ ਖੇਪ ਮੇਘਾਲਿਆ ਦੇ ਰਸਤੇ ਬੰਗਲਾਦੇਸ ਭੇਜੀ ਜਾਣੀ ਸੀ। ਇਸ ਰੈਕੇਟ ਵਿਚ ਸ਼ਾਮਲ ਹੋਰਾਂ ਨੂੰ ਫੜਨ ਲਈ ਜਾਂਚ ਤੇਜ ਕਰ ਦਿੱਤੀ ਗਈ ਹੈ।

## ਈ.ਡੀ. ਨੇ ਮੋਬਾਈਲ ਐਪ ਮਨੀ ਲਾਂਡਰਿੰਗ ਮਾਮਲੇ ਵਿਚ 51 ਕਰੋੜ ਰੁਪਏ ਤੋਂ ਵੱਧ ਦੇ ਫੰਡ ਜਬਤ ਕੀਤੇ

ਨਵੀਂ ਦਿੱਲੀ, 14 ਦਸੰਬਰ (ਪੋਸਟ ਬਿਊਰੋ)- ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਬੁੱਧਵਾਰ ਨੂੰ ਕਿਹਾ ਕਿ ਉਸਨੇ ਇੱਕ ਮੋਬਾਈਲ ਐਪ ਕੰਪਨੀ ਨਾਲ ਜੁੜੇ ਟਿਕਾਣਿਆਂ 'ਤੇ ਛਾਪੇ ਤੋਂ ਬਾਅਦ ਐਂਟੀ ਮਨੀ ਲਾਂਡਰਿੰਗ ਐਕਟ ਦੇ ਤਹਿਤ 51.11 ਕਰੋੜ ਰੁਪਏ ਦੇ ਫੰਡ ਜਬਤ ਕੀਤੇ, ਜਿਸ ਨੇ ਕਥਿਤ ਤੌਰ 'ਤੇ "ਉੱਚ ਰਿਟਰਨ" ਦਾ ਵਾਅਦਾ ਕਰਕੇ ਨਿਵੇਸਕਾਂ ਨੂੰ ਧੋਖਾ ਦਿੱਤਾ ਸੀ। ਈ.ਡੀ. ਨੇ ਮੈਟ੍ਰਿਕਸ ਪਾਰਟਨਰਜ਼ ਫੰਡ ਅਤੇ ਇਸ ਨਾਲ ਜੁੜੇ ਕੁਝ ਹੋਰ ਐਪਸ ਦੀ 'ਦੁਰਵਰਤੋਂ' ਦੇ ਸਬੰਧ ਵਿੱਚ 9 ਦਸੰਬਰ ਨੂੰ ਨੋਇਡਾ, ਪੁਣੇ ਅਤੇ ਬੈਂਗਲੁਰੂ ਵਿਚ ਛਾਪੇਮਾਰੀ ਕੀਤੀ ਸੀ।

ਨਵੰਬਰ, 2021 ਵਿਚ, ਮੇਘਾਲਿਆ ਪੁਲਿਸ ਨੇ ਐਮਪੀਐਫ ਐਪ ਨਾਲ ਜੁੜੀ ਕੰਪਨੀ/ਵਿਅਕਤੀ ਦੇ ਖਿਲਾਫ ਇੱਕ ਐਫਆਈਆਰ ਦਰਜ ਕੀਤੀ, ਜਿਸ ਦੇ ਅਧਾਰ 'ਤੇ ਈਡੀ ਨੇ ਮਨੀ ਲਾਂਡਰਿੰਗ ਦਾ ਕੇਸ ਦਰਜ ਕੀਤਾ। ਈਡੀ ਨੇ ਇੱਕ ਬਿਆਨ ਵਿੱਚ ਕਿਹਾ ਕਿ ਐਮਪੀਐਫ ਐਪ ਇੱਕ "ਘਪਲੇ ਵਾਲੀ ਨਿਵੇਸ ਐਪਲੀਕੇਸਨ ਸੀ, ਜਿਸ ਵਿੱਚ ਉੱਚ ਰਿਟਰਨ ਦਾ ਵਾਅਦਾ ਕੀਤਾ ਗਿਆ ਸੀ ਅਤੇ ਉੱਚ ਰਿਟਰਨ ਦੇ ਬਹਾਨੇ, ਦੇਸ ਭਰ ਦੇ ਨਿਵੇਸਕਾਂ ਨੇ ਇਸ ਐਪ ਰਾਹੀਂ ਆਪਣੀ ਮਿਹਨਤ ਦੀ ਕਮਾਈ ਦਾ ਨਿਵੇਸ ਕੀਤਾ ਸੀ।''

ਏਜੰਸੀ ਨੇ ਕਿਹਾ, "ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਐਪ ਨਾਲ ਕਈ ਕੰਪਨੀਆਂ ਜੁੜੀਆਂ ਹੋਈਆਂ ਹਨ, ਜੋ ਨਿਵੇਸ਼ ਘੁਟਾਲੇ, ਲੋਨ, ਖੇਡਾਂ, ਸੱਟਾ ਅਤੇ 'ਰੰਮੀ' ਆਦਿ ਨਾਲ ਸਬੰਧਤ ਕਈ ਹੋਰ ਐਪਸ ਨੂੰ ਵੀ ਚਲਾਉਂਦੀਆਂ ਹਨ।"

## Urgently Need New Listings in Brampton/Caledon

visit: www.teamjagaujla.com

Call **JAG AUJLA**
MCNE, REAL ESTATE BROKER
DIR: 416-371-7777
j.aujla@rogers.com www.jagaujla.com
Follow Us:

**CALL JAG FOR A QUICK & FREE HOME EVALUATION**
www BramptonTopRealtor.com www BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

### HOUSE FOR LEASE IN CALEDON
KENNEDY/ NEW HOUSE/ DOUGALL AVE.

- 2500-3000 sq feet ਦਾ Detached ਘਰ
- $3,700/month (4 ਬੈੱਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੈਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

### LISTED IN BRAMPTON
MAYFIELD / MCLAUGHLIN

- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈੱਡਰੂਮ + 4 ਵਾਸ਼ਰੂਮ
- 1 ਬੈੱਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਊਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ

### LISTED IN BRAMPTON
CASTLEMORE/ HUMBERWEST/AIRPORT

- 1500-2000 sq feet ਦਾ ਘਰ
- 3+1 ਬੈੱਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ

### FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022



## REXDALE BODY SHOP
USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

CHEEMA
LOWEST PRICE IN TOWN
Towing Service Car Paint Starts $799*upto 100% Deductible Paid*

Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



## Tri-City Professional Realty Inc., Brokerage
The Future of Real Estate
www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ

NEED MORE LISTINGS
- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8

SOLD $1,399,999
CASTLEMORE/GOREWAY

SOLD $1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD $1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ



## ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!

AFC
ASIAN FOOD CENTRE

VEGETARIAN FOOD
HEALTHY EATING

FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017